PAIGAM-E-JAGAT

ਪੈ.ਗਾਮ-ਏ-ਜਗਤ

ਸਮੇਂ ਦਾ ਸਦ ਉਪਯੋਗ, ਸਫਲਤਾ ਦੀ ਕੁੰਜੀ ਹੈ।
-ਆਚਾਰੀਆ ਚਾਣਕਿਆ

Title code : CHAMUL00914 | E-mail : Info@paigamejagat.com | ਮੰਗਲਵਾਰ, 17 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਸਰਹਿੰਦ 'ਚ ਦਰਦਨਾਕ ਸੜਕ ਹਾਦਸਾ

ਐਕਟਿਵਾ ਸਵਾਰ ਦੋ ਸਕੇ ਭਰਾਵਾਂ ਦੀ ਮੌਤ

ਆਵਾਰਾ ਪਸ਼ੂ ਨੂੰ ਬਚਾਉਣ ਦੇ ਚੱਕਰ 'ਚ ਬੇਕਾਬੂ ਬਾਈਕ ਨੇ ਮਾਰੀ ਟੱਕਰ



ਫਤਹਿਗੜ੍ਹ ਸਾਹਿਬ, 16 ਨਵੰਬਰ
(ਪੈ.ਗਾਮ-ਏ-ਜਗਤ)

ਸਰਹਿੰਦ ਸਥਿਤ ਤਲਵਾੜ ਆਟਾ ਚੱਕੀ ਦੇ ਨਜ਼ਦੀਕ ਵਾਪਰੇ ਇੱਕ ਭਿਆਨਕ ਸੜਕ ਹਾਦਸੇ 'ਚ ਦੋ ਸਕੇ ਭਰਾਵਾਂ ਦੀ ਦਰਦਨਾਕ ਮੌਤ ਹੋ ਜਾਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ ਅਤੇ ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਹਾਦਸੇ ਤੋਂ ਬਾਅਦ ਮੁਲਜ਼ਮ ਮੋਟਰਸਾਈਕਲ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ, ਜਿਸ ਦੀ ਭਾਲ ਵਿੱਚ ਪੁਲਿਸ ਜੁਟ ਗਈ ਹੈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਥਾਣਾ ਸਰਹਿੰਦ ਦੇ ਸਬ-ਇੰਸਪੈਕਟਰ ਜਸਪਾਲ ਸਿੰਘ ਨੇ (ਬਾਕੀ ਸਫ਼ਾ 2 'ਤੇ)

ਖੱਡ 'ਚ ਡਿੱਗੀ ਕਾਰ, ਉੱਡੇ ਪਰਖੱਚੇ, 3 ਲੋਕਾਂ ਦੀ ਮੌਤ



ਸ਼ਿਮਲਾ, 16 ਨਵੰਬਰ (ਪੈ.ਗਾਮ-ਏ-ਜਗਤ)
ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਜ਼ਿਲ੍ਹੇ 'ਚ ਸੋਮਵਾਰ ਸਵੇਰੇ ਇਕ ਕਾਰ ਸੜਕ ਤੋਂ ਫਿਸਲ ਕੇ ਡੂੰਘੀ ਖੱਡ 'ਚ ਡਿੱਗ ਗਈ, ਜਿਸ ਨਾਲ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ 2 ਹੋਰ ਜ਼ਖ਼ਮੀ ਹੋ ਗਏ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਦੇ ਅਨੁਸਾਰ, ਹਾਦਸਾ ਰਾਮਪੁਰ 'ਚ ਗੌਰਾ-ਮਸ਼ਨੂ ਲਿੰਕ ਰੋਡ 'ਤੇ ਬਰਸਨ ਮੋੜ ਨੇੜੇ ਸਵੇਰੇ 3 ਵਜੇ ਦੇ ਕਰੀਬ ਵਾਪਰਿਆ। ਦੱਸਿਆ ਜਾ ਰਿਹਾ ਹੈ ਕਿ ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਇਹ ਖੱਡ 'ਚ ਡਿੱਗ ਗਈ। ਪੁਲਸ ਦੀ ਇਕ ਟੀਮ ਮੌਕੇ 'ਤੇ ਪਹੁੰਚੀ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਜ਼ਖਮੀਆਂ ਨੂੰ ਖਨਾਰੀ ਦੇ ਮਹਾਤਮਾ ਗਾਂਧੀ ਮੈਡੀਕਲ ਸਰਵਿਸਿਜ਼ ਕੰਪਲੈਕਸ 'ਚ ਦਾਖਲ ਕਰਵਾਇਆ ਗਿਆ ਹੈ।

ਟਰੇਨਿੰਗ ਸੈਂਟਰ ਤੋਂ ਘਰ ਵਾਪਸ ਆ ਰਹੇ ਪੁਲੀਸ ਮੁਲਾਜ਼ਮ ਦਾ ਕਤਲ


ਗੁਰਦਾਸਪੁਰ ਬਾਈਪਾਸ ਨੇੜਿਓਂ ਮਿਲੀ ਲਾਸ਼, ਕਨਪਟੀ 'ਤੇ ਗੋਲੀ ਲੱਗਣ ਤੇ ਲੁੱਟ ਦੀ ਨੀਅਤ ਨਾਲ ਹੱਤਿਆ ਕੀਤੇ ਜਾਣ ਦਾ ਖ਼ਦਸ਼ਾ

ਗੁਰਦਾਸਪੁਰ, 16 ਨਵੰਬਰ (ਪੈਗਾਮ-ਏ-ਜਗਤ)
ਟਰੇਨਿੰਗ ਸੈਂਟਰ, ਜਹਾਨਖੇਲਾਂ ਵਿਖੇ ਟਰੇਨਿੰਗ ਲੈ ਰਹੇ ਹੈਡ ਕਾਂਸਟੇਬਲ ਦੀ ਘਰ ਵਾਪਸ ਆਉਂਦਿਆਂ ਸ਼ੱਕੀ ਹਾਲਾਤ ਵਿੱਚ ਹੱਤਿਆ ਕਰ ਦਿੱਤੀ ਗਈ। ਮੁਲਾਜ਼ਮ ਨੂੰ ਕਿਸੇ ਅਣਪਛਾਤੇ ਵੱਲੋਂ ਗੋਲੀ ਮਾਰਨ ਦਾ ਖ਼ਦਸ਼ਾ



ਜਤਾਇਆ ਗਿਆ ਹੈ। ਜਾਣਕਾਰੀ ਅਨੁਸਾਰ ਵਿਨੋਦ ਕੁਮਾਰ (40) ਨਾਮਕ ਹੈਡ ਕਾਂਸਟੇਬਲ ਤਰੱਕੀ ਮਗਰੋਂ ਪੁਲੀਸ ਟਰੇਨਿੰਗ ਸੈਂਟਰ, ਜਹਾਨਖੇਲਾਂ ਵਿਖੇ ਟਰੇਨਿੰਗ ਕਰ ਰਿਹਾ ਸੀ ਅਤੇ ਸੁਜਾਨਪੁਰ ਵਿਖੇ ਤਾਇਨਾਤ ਸੀ। ਸੰਗਰੂਰ ਵਿੱਚ ਡਿਊਟੀ ਕਰਨ ਤੋਂ ਬਾਅਦ ਉਹ ਗੁਰਦਾਸਪੁਰ ਦੇ ਨਜ਼ਦੀਕੀ ਪਿੰਡ ਕ੍ਰਿਸ਼ਨਾ ਨਗਰ ਆਪਣੇ ਘਰ ਵਾਪਸ ਆ ਰਿਹਾ ਸੀ। ਐਤਵਾਰ ਰਾਤ 9:15 ਵਜੇ ਦੇ ਕਰੀਬ ਉਸ ਨੇ ਆਪਣੇ ਭਰਾ ਨੂੰ ਫ਼ੋਨ ਕੀਤਾ ਕਿ ਉਹ ਪੁਰਾਣਾ ਸ਼ਾਲਾ ਨਜ਼ਦੀਕ ਪਹੁੰਚ ਗਿਆ ਹੈ ਅਤੇ 15 ਮਿੰਟ ਬਾਅਦ ਉਸ ਨੂੰ ਬਾਈਪਾਸ 'ਤੇ ਆ ਕੇ ਲੈ ਜਾਵੇ। ਜਦੋਂ ਉਸ ਦਾ ਭਰਾ ਬੱਸ ਸਟੈਂਡ ਪਹੁੰਚਿਆ ਤਾਂ ਵਿਨੋਦ ਦਾ ਕੋਈ ਅਤਾ-ਪਤਾ ਨਾ ਲੱਗਾ ਅਤੇ ਉਹ ਫ਼ੋਨ ਵੀ ਅਟੈਂਡ ਨਹੀਂ ਕਰ ਰਿਹਾ ਸੀ। ਥੋੜ੍ਹੀ ਦੇਰ ਬਾਅਦ ਹੀ ਉਸ ਦੀ ਲਾਸ਼ ਬੱਸ ਸਟੈਂਡ ਤੋਂ ਡੇਢ ਕੁ ਕਿਲੋਮੀਟਰ ਦੂਰ ਬਾਈਪਾਸ 'ਤੇ ਮਿਲੀ। ਪਰਿਵਾਰਕ ਮੈਂਬਰਾਂ ਅਨੁਸਾਰ ਜਦੋਂ ਵਿਨੋਦ ਦੀ ਲਾਸ਼ ਮਿਲੀ ਤਾਂ ਉਸ ਦਾ ਸਮਾਨ ਵੀ ਉਸ ਦੇ ਕੋਲ ਨਹੀਂ ਸੀ, ਜਿਸ ਤੋਂ ਲੱਗਦਾ ਹੈ ਕਿ ਲੁੱਟਣ ਦੀ ਨੀਅਤ ਨਾਲ ਉਸ ਦਾ ਕਤਲ ਕਰ ਦਿੱਤਾ ਗਿਆ ਹੈ। ਪਰਿਵਾਰ ਅਨੁਸਾਰ ਉਸ ਦੀ ਕਨਪਟੀ ਦੇ ਜ਼ਖਮ ਗੋਲੀ ਲੱਗਣ ਦੇ ਹਨ, ਪਰ ਇਸ ਦੀ ਪੁਸ਼ਟੀ ਪੋਸਟਮਾਰਟਮ ਤੋਂ ਬਾਅਦ ਹੋਵੇਗੀ। ਪੁਲੀਸ ਨੇ ਆਪਣੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਖੇਮਕਰਨ : ਵਿਆਹ ਸਮਾਗਮ ਤੋਂ ਪਰਤ ਰਹੇ ਪੰਜ ਨੌਜਵਾਨਾਂ ਦੀ ਗੱਡੀ ਹਾਦਸਾਗ੍ਰਸਤ, ਦੋ ਦੀ ਮੌਤ; ਦੋ ਜ਼ਖ਼ਮੀ



ਪੱਟੀ, 16 ਨਵੰਬਰ (ਪੈਗਾਮ-ਏ-ਜਗਤ)
ਪੱਟੀ ਦੇ ਖੇਮਕਰਨ ਚੁੰਗੀ ਨੇੜੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਕਾਰ ਸਵਾਰ ਦੋ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੋ ਹੋਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਵਿੱਚੋਂ ਇੱਕ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਸ਼ਾਹਬਾਜਪੁਰ ਦੇ ਪੰਜ ਵਿਅਕਤੀ ਕਾਰ ਵਿੱਚ ਸਵਾਰ ਹੋ ਕੇ ਅੰਮ੍ਰਿਤਸਰ ਵਿਖੇ ਆਪਣੇ ਦੋਸਤ ਦੇ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਗਏ ਸਨ। ਵਿਆਹ ਸਮਾਗਮ ਤੋਂ ਵਾਪਸ ਆਪਣੇ ਪਿੰਡ ਪਰਤਦੇ ਸਮੇਂ ਜਦੋਂ ਉਹ ਪੱਟੀ ਦੇ ਖੇਮਕਰਨ ਚੁੰਗੀ ਨੇੜੇ ਪਹੁੰਚੇ ਤਾਂ ਉਨ੍ਹਾਂ ਦੀ ਕਾਰ ਸੜਕ 'ਤੇ ਖੜ੍ਹੇ ਟਰੱਕ ਨਾਲ ਟਕਰਾ ਗਈ। ਨਾਲ ਜ਼ੋਰਦਾਰ ਢੰਗ ਨਾਲ ਟਕਰਾ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਸਵਾਰ ਗੁਰਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ (48) ਅਤੇ ਸੁਖਜਿੰਦਰ ਸਿੰਘ ਪੁੱਤਰ ਨਿਰਵੈਰ ਸਿੰਘ, ਵਾਸੀ ਪਿੰਡ ਸ਼ਾਹਬਾਜਪੁਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਵਿੱਚ (ਬਾਕੀ ਸਫ਼ਾ 2 'ਤੇ)

ਅਮਿਤਾਭ ਤੇ ਅਭਿਸ਼ੇਕ ਬੱਚਨ ਨੂੰ ਜਾਨੋਂ ਮਾਰਨ ਦੀ ਧਮਕੀ

- ਬੁਲੇਟਪਰੂਫ਼ ਕੈਬਿਨ ਵੀ ਨਹੀਂ ਬਚਾ ਸਕਣਗੇ

ਚੰਡੀਗੜ੍ਹ, 16 ਨਵੰਬਰ
(ਪੈ.ਗਾਮ-ਏ-ਜਗਤ)

ਬੌਲੀਵੁੱਡ ਦੇ ਉੱਘੇ ਅਦਾਕਾਰ ਅਮਿਤਾਭ ਬੱਚਨ ਅਤੇ ਉਨ੍ਹਾਂ ਦੇ ਪੁੱਤਰ ਅਭਿਸ਼ੇਕ ਬੱਚਨ ਨੂੰ ਗੈਂਗਸਟਰ ਗੋਲਡੀ ਢਿੱਲੋਂ ਨੇ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਗੈਂਗਸਟਰ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਕਿਹਾ ਹੈ ਕਿ ਦੋਵੇਂ ਭਾਵੇਂ ਆਪਣੀ ਸੁਰੱਖਿਆ ਲਈ ਕਿੰਨੇ ਵੀ ਬੁਲੇਟਪਰੂਫ਼ ਕੈਬਿਨ ਬਣਵਾ ਲੈਣ, ਉਹ ਉਨ੍ਹਾਂ ਨੂੰ ਨਹੀਂ ਬਚਾਅ ਸਕਣਗੇ। ਉਸ ਨੇ ਦੋਵਾਂ ਨੂੰ ਉਨ੍ਹਾਂ ਦੇ ਬੁਲੇਟਪਰੂਫ਼ ਕੈਬਿਨ ਦੇ ਅੰਦਰ ਹੀ ਮਾਰਨ ਦੀ ਧਮਕੀ ਦਿੱਤੀ ਹੈ। ਇਹ ਧਮਕੀ ਦਿੱਲੀ ਪੁਲੀਸ ਦੇ ਸਪੈਸ਼ਲ ਸੈੱਲ ਵੱਲੋਂ ਮੁੰਬਈ ਵਿੱਚ ਗੈਂਗਸਟਰ ਦੇ ਦੋ ਸਾਥੀਆਂ ਵਿਕਾਸ ਠਾਕੁਰ ਅਤੇ ਦੀਪਕ ਸਿੰਘ ਨੂੰ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਸਾਹਮਣੇ ਆਈ ਹੈ। ਗੋਲਡੀ ਢਿੱਲੋਂ ਨੇ ਆਪਣੀ ਪੋਸਟ ਵਿੱਚ ਕਿਹਾ ਕਿ ਉਸ ਦੇ ਸਾਥੀਆਂ ਦੀ ਗ੍ਰਿਫ਼ਤਾਰੀ ਨਾਲ ਉਸ ਦੇ ਗਰੋਹ ਦੀਆਂ ਗਤੀਵਿਧੀਆਂ ਜਾਂ ਕਿਸੇ ਵੀ (ਬਾਕੀ ਸਫ਼ਾ 2 'ਤੇ)

ਗੁਰਪੁਰਬ ਤੋਂ ਪਹਿਲਾਂ ਸੀ.ਐਮ. ਭਗਵੰਤ ਮਾਨ ਦੀ ਕੇਂਦਰ ਨੂੰ ਅਪੀਲ

24 ਨਵੰਬਰ ਤੋਂ ਪਹਿਲਾਂ ਖੋਲ੍ਹਿਆ ਜਾਵੇ ਕਰਤਾਰਪੁਰ ਸਾਹਿਬ ਲਾਂਘਾ

ਜਗਰਾਉਂ, 16 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ 24 ਨਵੰਬਰ ਤੋਂ ਪਹਿਲਾਂ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਿਆ ਜਾਵੇ, ਤਾਂ ਜੋ ਸੰਗਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕੇ। ਉਨ੍ਹਾਂ ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਪਿੰਡ ਸਰਾਭਾ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਭੇਟ ਕਰਨ ਪਹੁੰਚੇ ਸਨ। ਇਸ ਮੌਕੇ ਉਨ੍ਹਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਮਾਗਮ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਮਹਿਜ਼ 19 ਸਾਲ ਦੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਫਾਂਸੀ ਦਾ ਰੱਸਾ ਚੁੰਮਿਆ ਅਤੇ (ਬਾਕੀ ਸਫ਼ਾ 2 'ਤੇ)

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਔਨਲਾਈਨ ਜਨਗਣਨਾ ਦੇ ਦੂਜੇ ਪੜਾਅ ਦੀ ਸ਼ੁਰੂਆਤ

ਸੰਗਰੂਰ, 16 ਨਵੰਬਰ
(ਪੈ.ਗਾਮ-ਏ-ਜਗਤ)



ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਪਣੀ ਅਤੇ ਆਪਣੇ ਪਰਿਵਾਰ ਦੀ ਸਵੈ-ਗਣਨਾ ਪੂਰੀ ਕਰ ਕੇ ਜਨਗਣਨਾ 2027 ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਅਤੇ ਹਰ ਪੰਜਾਬੀ ਨੂੰ ਇਸ ਅਹਿਮ ਕੌਮੀ ਕਾਰਜ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ। ਲੋਕਾਂ ਨੂੰ 16 ਤੋਂ 30 ਨਵੰਬਰ ਤੱਕ ਆਪਣੀ ਔਨਲਾਈਨ ਸਵੈ-ਗਣਨਾ ਪੂਰੀ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਪਰਿਵਾਰਾਂ, ਪਰਿਵਾਰਕ ਮੈਂਬਰਾਂ, ਆਮਦਨ, (ਬਾਕੀ ਸਫ਼ਾ 2 'ਤੇ)

ਪਠਾਨਕੋਟ 'ਚ ਬੰਦੂਕ ਦੀ ਨੋਕ 'ਤੇ ਐਸ.ਯੂ.ਵੀ. ਲੁੱਟੀ

- ਪੰਜਾਬ-ਜੰਮੂ 'ਚ ਹਾਈ ਅਲਰਟ

ਪਠਾਨਕੋਟ, 16 ਨਵੰਬਰ
(ਪੈ.ਗਾਮ-ਏ-ਜਗਤ)

ਠਾਨਕੋਟ-ਜੰਮੂ ਰਾਸ਼ਟਰੀ ਰਾਜਮਾਰਗ 'ਤੇ ਪਠਾਨਕੋਟ ਸ਼ਹਿਰ ਦੇ ਡਾਊਨਟਾਊਨ ਇਲਾਕੇ ਨੇੜੇ ਬੰਦੂਕ ਦੀ ਨੋਕ 'ਤੇ ਇੱਕ ਚਿੱਟੀ ਮਹਿੰਦਰਾ ਐਕਸ.ਯੂ.ਵੀ.-500 ਕਾਰ ਲੁੱਟੇ ਜਾਣ ਦੀ ਘਟਨਾ ਤੋਂ ਬਾਅਦ ਸੁਰੱਖਿਆ ਏਜੰਸੀਆਂ ਵਿੱਚ ਹੜਕੰਪ ਮਚ ਗਿਆ ਹੈ। ਘਟਨਾ ਦੀ ਗੰਭੀਰਤਾ ਨੂੰ ਦੇਖਦਿਆਂ ਪੰਜਾਬ ਅਤੇ ਜੰਮੂ-ਕਸ਼ਮੀਰ ਪੁਲਸ ਵੱਲੋਂ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਖਾਸ ਕਰਕੇ ਪਠਾਨਕੋਟ ਤੋਂ ਕਠੂਆ, ਸਾਂਬਾ ਅਤੇ ਜੰਮੂ ਵੱਲ ਜਾਣ ਵਾਲੇ ਰਾਸ਼ਟਰੀ ਰਾਜਮਾਰਗ 'ਤੇ ਪੁਲਸ ਚੌਕੀਆਂ ਅਤੇ ਨਾਕਿਆਂ 'ਤੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਹੈ।

ਪੁਲਸ ਕੰਟਰੋਲ ਰੂਮ (ਪੀਸੀਆਰ) ਜੰਮੂ ਵੱਲੋਂ ਜਾਰੀ ਅਲਰਟ ਅਨੁਸਾਰ ਕੁਝ ਅਣਪਛਾਤੇ ਹਥਿਆਰਬੰਦ ਵਿਅਕਤੀਆਂ ਵੱਲੋਂ ਬੰਦੂਕ ਦੀ ਨੋਕ 'ਤੇ ਇੱਕ ਡਰਾਈਵਰ ਤੋਂ ਕਾਰ ਖੋਹਣ ਦੀ ਸੂਚਨਾ ਮਿਲੀ ਹੈ। ਇਹ ਚਿੱਟੇ ਰੰਗ ਦੀ ਮਹਿੰਦਰਾ ਐਕਸ.ਯੂ.ਵੀ.-500 ਹੈ ਅਤੇ ਜਾਣਕਾਰੀ ਅਨੁਸਾਰ ਇਹ ਕਾਰ ਸਰਹੱਦੀ ਖੇਤਰ ਬਮਿਆਲ ਦੇ ਇੱਕ ਨਿਵਾਸੀ ਦੀ ਹੈ।

ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਤੁਰੰਤ ਹਰਕਤ ਵਿੱਚ ਆ ਗਈਆਂ। ਪਠਾਨਕੋਟ ਤੋਂ ਕਠੂਆ, ਸਾਂਬਾ ਅਤੇ ਜੰਮੂ ਤੱਕ ਜਾਣ ਵਾਲੇ ਮਾਰਗਾਂ 'ਤੇ ਨਾਕਾਬੰਦੀ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸਾਰੇ ਸਬੰਧਤ ਥਾਣਿਆਂ ਦੇ ਮੁਖੀਆਂ, ਪੁਲਸ ਚੌਕੀਆਂ ਅਤੇ ਪੀਸੀਆਰ ਟੀਮਾਂ ਨੂੰ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ।

ਹਾਈਵੇਅ 'ਤੇ ਤਾਇਨਾਤ ਗਸ਼ਤ ਟੀਮਾਂ ਨੂੰ ਖਾਸ ਤੌਰ 'ਤੇ ਚਿੱਟੇ ਰੰਗ ਦੀਆਂ ਐਕਸ.ਯੂ.ਵੀ.-500 ਗੱਡੀਆਂ ਦੀ ਬਾਰੀਕੀ ਨਾਲ ਜਾਂਚ ਕਰਨ ਅਤੇ ਕਿਸੇ ਵੀ ਸ਼ੱਕੀ ਵਾਹਨ ਨੂੰ ਤੁਰੰਤ ਰੋਕਣ ਲਈ ਕਿਹਾ ਗਿਆ ਹੈ। ਪੁਲਸ ਵੱਲੋਂ ਜਾਰੀ ਚੇਤਾਵਨੀ ਵਿੱਚ ਕਿਹਾ ਗਿਆ ਹੈ ਕਿ ਜੇਕਰ ਉਕਤ ਵਾਹਨ ਜਾਂ ਇਸ ਨਾਲ ਸਬੰਧਤ ਕੋਈ ਵੀ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੀਸੀਆਰ ਰਿਆਸੀ (ਬਾਕੀ ਸਫ਼ਾ 2 'ਤੇ)

ਪ੍ਰਧਾਨ ਮੰਤਰੀ ਮੋਦੀ ਆਸੀਆਨ ਸੰਮੇਲਨ ਲਈ ਫਿਲੀਪੀਨਜ਼ ਪਹੁੰਚੇ

ਹੋਇਆ ਨਿੱਘਾ ਸਵਾਗਤ, ਦਿੱਤਾ ਗਿਆ ਗਾਰਡ ਆਫ ਆਨਰ

ਮਨੀਲਾ, 16 ਨਵੰਬਰ
(ਪੈ.ਗਾਮ-ਏ-ਜਗਤ)



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੋਮਵਾਰ ਨੂੰ ਫਿਲੀਪੀਨਜ਼ ਦੇ ਤਿੰਨ ਦਿਨਾਂ ਦੌਰੇ 'ਤੇ ਮਨੀਲਾ ਪਹੁੰਚੇ। ਮਨੀਲਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਹ 23ਵੇਂ ਆਸੀਆਨ-ਭਾਰਤ ਸੰਮੇਲਨ ਅਤੇ 21ਵੇਂ ਪੂਰਬੀ ਏਸ਼ੀਆ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਫਿਲੀਪੀਨਜ਼ ਦੇ ਤਿੰਨ ਦਿਨਾਂ ਦੌਰੇ 'ਤੇ ਹਨ। ਪ੍ਰਧਾਨ ਮੰਤਰੀ ਮੋਦੀ ਦੇ ਸਵਾਗਤ ਲਈ ਕਈ ਰੰਗੀਨ ਸਮਾਗਮ ਆਯੋਜਿਤ ਕੀਤੇ ਗਏ ।

ਪ੍ਰਧਾਨ ਮੰਤਰੀ ਮੋਦੀ ਦੀ ਯਾਤਰਾ ਦਾ ਉਦੇਸ਼ ਦੱਖਣ-ਪੂਰਬੀ ਏਸ਼ੀਆ ਅਤੇ ਪੂਰਬੀ ਏਸ਼ੀਆ ਦੇ ਦੇਸ਼ਾਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਖੇਤਰੀ ਅਤੇ ਵਿਸ਼ਵਵਿਆਪੀ ਚੁਣੌਤੀਆਂ 'ਤੇ ਚਰਚਾ ਕਰਨਾ ਹੈ। ਪ੍ਰਧਾਨ ਮੰਤਰੀ ਮੰਗਲਵਾਰ ਨੂੰ 23ਵੇਂ ਆਸੀਆਨ-ਭਾਰਤ ਸੰਮੇਲਨ ਅਤੇ 21ਵੇਂ ਪੂਰਬੀ ਏਸ਼ੀਆ ਸੰਮੇਲਨ ਵਿੱਚ ਹਿੱਸਾ ਲੈਣਗੇ।

ਉਹ ਫਿਲੀਪੀਨਜ਼ ਦੇ ਰਾਸ਼ਟਰਪਤੀ ਫਰਡੀਨੈਂਡ ਆਰ. ਮਾਰਕੋਸ ਜੂਨੀਅਰ ਦੇ ਸੱਦੇ 'ਤੇ ਉੱਥੇ ਹਨ। ਸੋਮਵਾਰ ਨੂੰ ਮਨੀਲਾ ਲਈ ਰਵਾਨਾ ਹੋਣ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਆਸੀਆਨ ਦੇਸ਼ਾਂ ਨਾਲ ਭਾਰਤ ਦੇ ਸਬੰਧ ਉਸਦੀ ਐਕਟ ਈਸਟ ਨੀਤੀ ਦੇ ਕੇਂਦਰ ਵਿੱਚ ਹਨ ਅਤੇ ਮਹਾਸਾਗਰ (ਮਹਾਸਾਗਰ) ਦ੍ਰਿਸ਼ਟੀਕੋਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਮਹਾਸਾਗਰ ਦਾ ਅਰਥ ਹੈ ਖੇਤਰ ਵਿੱਚ ਸੁਰੱਖਿਆ ਅਤੇ ਵਿਕਾਸ ਲਈ ਆਪਸੀ ਅਤੇ ਸੰਪੂਰਨ ਤਰੱਕੀ। ਇਸਦਾ ਅਰਥ ਹੈ ਵੱਖ-ਵੱਖ ਖੇਤਰਾਂ ਵਿੱਚ ਸੁਰੱਖਿਆ ਅਤੇ ਵਿਕਾਸ ਲਈ ਆਪਸੀ ਅਤੇ ਸਮਾਵੇਸ਼ੀ ਤਰੱਕੀ।

ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਸਾਰੰਗਪੁਰ, ਧਨਾਸ, ਖੁੱਡਾ ਲਾਹੌਰਾ ਅਤੇ ਖੁੱਡਾ ਜੱਸੂ ਦੇ ਨਿਵਾਸੀਆਂ ਲਈ ਸਮਾਧਾਨ ਸ਼ਿਵਿਰ ਆਯੋਜਿਤ ਕੀਤਾ

ਪੈ.ਗਾਮ-ਏ-ਜਗਤ/ਚੰਡੀਗੜ੍ਹ
16 ਨਵੰਬਰ, (ਹਰਮਿੰਦਰ ਸਿੰਘ ਨਾਗਪਾਲ)

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਾਰੰਗਪੁਰ, ਧਨਾਸ, ਖੁੱਡਾ ਲਾਹੌਰਾ ਅਤੇ ਖੁੱਡਾ ਜੱਸੂ ਦੇ ਨਿਵਾਸੀਆਂ ਲਈ ਸਮਾਧਾਨ ਸ਼ਿਵਿਰ ਆਯੋਜਿਤ ਕੀਤਾ। ਇਸ ਸ਼ਿਵਿਰ ਵਿੱਚ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸਿੱਧੇ ਪ੍ਰਸ਼ਾਸਕ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਸਾਹਮਣੇ ਰੱਖਣ ਦਾ ਅਵਸਰ ਮਿਲਿਆ। ਇਸ ਸ਼ਿਵਿਰ ਦਾ ਮੁੱਖ ਉਦੇਸ਼ ਨਾਗਰਿਕ ਸੁਵਿਧਾਵਾਂ, ਜਨ ਸੇਵਾਵਾਂ ਅਤੇ ਸਥਾਨਕ ਵਿਕਾਸ ਨਾਲ ਜੁੜੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਸਬੰਧਿਤ ਵਿਭਾਗਾਂ ਦੇ ਜ਼ਰੀਏ ਉਨ੍ਹਾਂ ਦਾ ਸਮਾਂਬੱਧ ਸਮਾਧਾਨ ਕਰਨਾ ਸੀ।

ਇਸ ਅਵਸਰ 'ਤੇ ਮੇਅਰ ਸ਼੍ਰੀ ਸੌਰਭ ਜੋਸ਼ੀ, ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ, ਚੰਡੀਗੜ੍ਹ ਪ੍ਰਸ਼ਾਸਨ ਦੇ ਪ੍ਰਸ਼ਾਸਨਿਕ ਸਕੱਤਰ, ਵਿਭਾਗਾਂ ਦੇ ਮੁਖੀ ਅਤੇ ਹੋਰ ਸੀਨੀਅਰ ਅਧਿਕਾਰੀ ਉਪਸਥਿਤ ਸਨ।

ਇਸ ਸ਼ਿਵਿਰ ਦੇ ਦੌਰਾਨ ਪ੍ਰਸ਼ਾਸਕ ਨੇ ਵਿਅਕਤੀਗਤ ਤੌਰ 'ਤੇ ਕੁੱਲ 54 ਸ਼ਿਕਾਇਤਾਂ ਸੁਣੀਆਂ। ਨਿਵਾਸੀਆਂ ਨੇ ਨਾਗਰਿਕ ਸੁਵਿਧਾਵਾਂ ਅਤੇ ਬੁਨਿਆਦੀ ਸੇਵਾਵਾਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਦੀ ਸਪਲਾਈ, ਸੀਵਰੇਜ, ਪਾਰਕਿੰਗ ਅਤੇ ਟ੍ਰੈਫਿਕ ਜਾਮ, ਆਵਾਸ ਅਤੇ ਈਡਬਲਿਊਐੱਸ ਫਲੈਟਾਂ ਦੇ ਰੱਖ-



ਰਖਾਅ, ਸਿਹਤ ਸੇਵਾਵਾਂ ਅਤੇ ਸਿੱਖਿਆ, ਕਮਿਊਨਿਟੀ ਸੈਂਟਰਾਂ, ਜ਼ਮੀਨ ਅਤੇ ਜਾਇਦਾਦ ਨਾਲ ਜੁੜੇ ਮਾਮਲਿਆਂ, ਕੈਬ ਡ੍ਰਾਇਵਰਾਂ ਦੀਆਂ ਸਮੱਸਿਆਵਾਂ ਅਤੇ ਹੋਰ ਜਨਤਕ ਸੇਵਾਵਾਂ ਨਾਲ ਸਬੰਧਿਤ ਮੁੱਦੇ ਉਠਾਏ।

ਚੰਡੀਗੜ੍ਹ ਪ੍ਰਸ਼ਾਸਨ ਦੇ ਸਬੰਧਿਤ ਅਧਿਕਾਰੀਆਂ ਨੇ ਨਿਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਇਨ੍ਹਾਂ 'ਤੇ ਕੀਤੀ ਗਈ ਕਾਰਵਾਈ ਦੇ ਨਾਲ-ਨਾਲ ਖੇਤਰ ਵਿੱਚ ਚਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਆਪਣੇ-

ਆਪਣੇ ਵਿਭਾਗਾਂ ਨਾਲ ਜੁੜੇ ਦੇ ਸੰਭਾਵਿਤ ਸਮਾਧਾਨ ਵੀ ਦੱਸੇ। ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਸਮਾਧਾਨ ਕੀਤਾ ਗਿਆ, ਜਦਕਿ ਜਿਨ੍ਹਾਂ ਮਾਮਲਿਆਂ ਵਿੱਚ ਅੱਗੇ ਕਰਵਾਈ ਦੀ ਜ਼ਰੂਰਤ ਸੀ, ਉਨ੍ਹਾਂ ਨੂੰ ਸਬੰਧਿਤ ਵਿਭਾਗਾਂ ਨੂੰ ਜ਼ਰੂਰੀ ਕਾਰਵਾਈ ਲਈ ਭੇਜਿਆ ਗਿਆ। ਆਪਣੇ ਸੰਬੋਧਨ ਵਿੱਚ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਦੱਸਿਆ ਕਿ ਡੱਡੂਮਾਜਰਾ, ਹੱਲੋਮਾਜਰਾ ਅਤੇ ਮਲੋਆ ਵਿਖੇ ਆਯੋਜਿਤ ਪਹਿਲੇ ਤਿੰਨ ਸਮਾਧਾਨ ਸ਼ਿਵਿਰਾਂ ਵਿੱਚ ਪ੍ਰਾਪਤ ਲਗਭਗ ਸਾਰੀਆਂ ਸ਼ਿਕਾਇਤਾਂ ਦਾ ਸਮਾਧਾਨ ਕਰ ਦਿੱਤਾ ਗਿਆ ਹੈ। ਕੇਵਲ ਨੀਤੀਗਤ ਮਾਮਲਿਆਂ ਨਾਲ ਜੁੜੀਆਂ ਸ਼ਿਕਾਇਤਾਂ ਲੰਬਿਤ ਹਨ। ਉਨ੍ਹਾਂ ਨੇ ਦੱਸਿਆ ਕਿ ਮਨੀਮਾਜਰਾ ਵਿੱਚ ਆਯੋਜਿਤ ਸ਼ਿਵਿਰ ਵਿੱਚ ਮਿਲੀਆਂ 83 ਸ਼ਿਕਾਇਤਾਂ ਵਿੱਚੋਂ 76 ਦਾ ਸਮਾਧਾਨ ਕੀਤਾ ਜਾ ਚੁੱਕਿਆ ਹੈ, ਜਦਕਿ ਰਾਮ ਦਰਬਾਰ ਸ਼ਿਵਿਰ ਵਿੱਚ ਪ੍ਰਾਪਤ 66 ਸ਼ਿਕਾਇਤਾਂ ਵਿੱਚੋਂ 56 ਦਾ ਨਿਪਟਾਰਾ ਕੀਤਾ ਗਿਆ ਹੈ। ਇਸ ਪ੍ਰਕਾਰ, ਹੁਣ ਤੱਕ ਆਯੋਜਿਤ ਪੰਜਾਂ ਸਮਾਧਾਨ ਸ਼ਿਵਿਰਾਂ ਵਿੱਚ ਕੁੱਲ 350 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 333 ਦਾ ਸਮਾਧਾਨ ਕੀਤਾ ਜਾ ਚੁੱਕਿਆ ਹੈ ਅਤੇ ਕੇਵਲ 17 ਸ਼ਿਕਾਇਤਾਂ ਲੰਬਿਤ ਹਨ। ਇਨ੍ਹਾਂ ਵਿੱਚੋਂ ਅਧਿਕਤਰ ਨੀਤੀਗਤ ਮਾਮਲਿਆਂ ਨਾਲ ਸਬੰਧਿਤ ਹਨ। ਸਮਾਧਾਨ ਸ਼ਿਵਿਰ ਚੰਡੀਗੜ੍ਹ ਪ੍ਰਸ਼ਾਸਨ ਦੀ ਜਨਸੰਪਰਕ ਅਤੇ ਸ਼ਿਕਾਇਤ ਨਿਵਾਰਣ ਵਿਵਸਥਾ ਦਾ ਹਿੱਸਾ ਹਨ। ਇਨ੍ਹਾਂ ਦੇ ਜ਼ਰੀਏ ਸ਼ਹਿਰ ਦੇ ਅਲੱਗ-ਅਲੱਗ ਖੇਤਰਾਂ ਦੇ ਨਿਵਾਸੀਆਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਪ੍ਰਸ਼ਾਸਕ ਅਤੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਦੇ ਸਾਹਮਣੇ ਰੱਖਣ ਅਤੇ ਉਨ੍ਹਾਂ ਦਾ ਸਮਾਧਾਨ ਕਰਵਾਉਣ ਦਾ ਅਵਸਰ ਮਿਲਦਾ ਹੈ।

ਲੋਕ ਅਰਪਣ ਤੋਂ ਪੁਸਤਕ ਸਮੀਖਿਆ ਤੱਕ: ਸਾਹਿਤਕ ਸਰਗਰਮੀਆਂ ਦੇ ਠੇਕੇਦਾਰੀਕਰਨ ਦਾ ਵਧਦਾ ਰੁਝਾਨ

ਭਾਗ -2

ਸਾਹਿਤਕ ਖੇਤਰ ਵਿੱਚ ਨਵੇਂ ਲੇਖਕਾਂ ਦੇ ਸ਼ੋਸ਼ਣ ਦੀ ਕਹਾਣੀ ਸਿਰਫ਼ ਪੁਸਤਕ ਛਾਪਣ ਤੱਕ ਹੀ ਸੀਮਤ ਨਹੀਂ ਰਹੀ, ਸਗੋਂ ਹੁਣ ਇਹ ਪੁਸਤਕ ਦੇ ਲੋਕ ਅਰਪਣ ਤੋਂ ਲੈ ਕੇ ਉਸ ਦੀ ਸਮੀਖਿਆ ਅਤੇ ਪ੍ਰਚਾਰ ਤੱਕ ਫੈਲਦੀ ਜਾ ਰਹੀ ਹੈ। ਜਿਸ ਸਾਹਿਤਕ ਸਰਗਰਮੀ ਨੂੰ ਕਦੇ ਲੇਖਕ ਦੀ ਸਿਰਜਣਾ ਦਾ ਜਸ਼ਨ ਅਤੇ ਉਸ ਦੀ ਮਿਹਨਤ ਦਾ ਸਨਮਾਨ ਮੰਨਿਆ ਜਾਂਦਾ ਸੀ, ਅੱਜ ਕਈ ਥਾਵਾਂ 'ਤੇ ਉਹ ਵੀ ਇੱਕ ਤਰ੍ਹਾਂ ਦਾ ਵਪਾਰਕ ਪੈਕੇਜ ਬਣਦੀ ਜਾ ਰਹੀ ਹੈ।

ਨਵਾਂ ਲੇਖਕ ਜਦੋਂ ਆਪਣੀ ਪਹਿਲੀ ਪੁਸਤਕ ਪ੍ਰਕਾਸ਼ਿਤ ਕਰਵਾਉਂਦਾ ਹੈ ਤਾਂ ਉਸ ਦੀ ਸਭ ਤੋਂ ਵੱਡੀ ਇੱਛਾ ਹੁੰਦੀ ਹੈ ਕਿ ਪੁਸਤਕ ਦਾ ਲੋਕ ਅਰਪਣ ਕਿਸੇ ਵਧੀਆ ਸਾਹਿਤਕ ਮੰਚ 'ਤੇ ਹੋਵੇ। ਉਸ ਨੂੰ ਲੱਗਦਾ ਹੈ ਕਿ ਨਾਮਵਰ ਲੇਖਕਾਂ, ਸਾਹਿਤਕਾਰਾਂ ਅਤੇ ਬੁੱਧੀਜੀਵੀਆਂ ਦੀ ਹਾਜ਼ਰੀ ਵਿੱਚ ਉਸ ਦੀ ਪੁਸਤਕ ਨੂੰ ਪਛਾਣ ਮਿਲੇਗੀ। ਪਰ ਇਸੇ ਇੱਛਾ ਨੂੰ ਕੁਝ ਲੋਕ ਕਮਾਈ ਦਾ ਸਾਧਨ ਬਣਾ ਲੈਂਦੇ ਹਨ। ਲੋਕ ਅਰਪਣ ਸਮਾਗਮ ਕਰਵਾਉਣ ਦੇ ਨਾਂ 'ਤੇ ਹਾਲ ਦਾ ਕਿਰਾਇਆ, ਸਟੇਜ ਦੀ ਸਜਾਵਟ, ਮੁੱਖ ਮਹਿਮਾਨ, ਪ੍ਰਧਾਨਗੀ, ਸਨਮਾਨ ਚਿੰਨ੍ਹ, ਫੋਟੋਗ੍ਰਾਫੀ ਅਤੇ ਪ੍ਰਚਾਰ ਆਦਿ ਦੇ ਨਾਂ 'ਤੇ ਲੇਖਕ ਤੋਂ ਵੱਖ-ਵੱਖ ਰਕਮਾਂ ਲਈਆਂ ਜਾਂਦੀਆਂ ਹਨ।

ਕਈ ਵਾਰ ਤਾਂ ਸਮਾਗਮ ਕਰਵਾਉਣ ਦੀ ਪੂਰੀ ਜ਼ਿੰਮੇਵਾਰੀ ਹੀ ਲੇਖਕ ਦੇ ਸਿਰ ਪਾ ਦਿੱਤੀ ਜਾਂਦੀ ਹੈ। ਲੇਖਕ ਆਪਣੀ ਪੁਸਤਕ ਦੇ ਲੋਕ ਅਰਪਣ ਲਈ ਖ਼ੁਦ ਮਹਿਮਾਨਾਂ ਨੂੰ ਸੱਦਾ ਦਿੰਦਾ ਹੈ, ਉਨ੍ਹਾਂ ਦੇ ਆਉਣ-ਜਾਣ ਦਾ ਪ੍ਰਬੰਧ ਕਰਦਾ ਹੈ ਅਤੇ ਸਮਾਗਮ ਦੇ ਖ਼ਰਚੇ ਵੀ ਚੁੱਕਦਾ ਹੈ। ਦੂਜੇ ਪਾਸੇ ਪ੍ਰਬੰਧਕ ਇਸ ਨੂੰ ਆਪਣੀ ਸਾਹਿਤਕ ਸਰਗਰਮੀ ਅਤੇ ਸੰਸਥਾ ਦੀ ਪ੍ਰਾਪਤੀ ਵਜੋਂ ਪੇਸ਼ ਕਰਦੇ ਹਨ। ਇਸ ਤਰ੍ਹਾਂ ਲੇਖਕ ਆਪਣੀ ਹੀ ਪੁਸਤਕ ਦੇ ਸਮਾਗਮ ਦਾ ਖ਼ਰਚਾ ਚੁੱਕਣ ਵਾਲਾ ਬਣ ਕੇ ਰਹਿ ਜਾਂਦਾ ਹੈ।

ਇਸ ਤੋਂ ਅੱਗੇ ਪੁਸਤਕ ਦੀ ਸਮੀਖਿਆ ਦਾ ਇੱਕ ਹੋਰ ਬਾਜ਼ਾਰ ਤਿਆਰ ਹੋ ਰਿਹਾ ਹੈ। ਕਿਸੇ ਅਖ਼ਬਾਰ, ਰਸਾਲੇ ਜਾਂ ਸਾਹਿਤਕ ਮੰਚ 'ਤੇ ਪੁਸਤਕ ਦੀ ਸਮੀਖਿਆ ਛਪਵਾਉਣ ਲਈ ਵੀ ਕਈ ਵਾਰ ਲੇਖਕ ਨੂੰ ਪੈਸੇ ਦੇਣੇ ਪੈਂਦੇ ਹਨ। ਕੁਝ ਲੋਕ ਪੁਸਤਕ ਪੜ੍ਹੇ ਬਿਨਾਂ ਹੀ ਉਸ ਦੀ ਤਾਰੀਫ਼ ਵਿੱਚ ਲੰਮੇ-ਚੌੜੇ ਸ਼ਬਦ ਲਿਖ ਦਿੰਦੇ ਹਨ। ਕਈ ਵਾਰ ਸਮੀਖਿਆ ਦੇ ਨਾਂ 'ਤੇ ਸਿਰਫ਼ ਪੁਸਤਕ ਦਾ ਪ੍ਰਚਾਰ ਕੀਤਾ ਜਾਂਦਾ ਹੈ। ਇਸ ਨਾਲ ਸਾਹਿਤਕ ਸਮੀਖਿਆ ਦਾ ਅਸਲ ਮਕਸਦ ਹੀ ਖ਼ਤਮ ਹੋ ਜਾਂਦਾ ਹੈ। ਸਮੀਖਿਆ ਦਾ ਕੰਮ ਕਿਸੇ ਪੁਸਤਕ ਦੀਆਂ ਖ਼ੂਬੀਆਂ ਦੇ ਨਾਲ-ਨਾਲ ਉਸ ਦੀਆਂ ਕਮਜ਼ੋਰੀਆਂ ਨੂੰ ਵੀ ਸਾਹਮਣੇ ਲਿਆਉਣਾ ਹੁੰਦਾ ਹੈ, ਨਾ ਕਿ ਪੈਸੇ ਲੈ ਕੇ ਹਰ ਪੁਸਤਕ ਨੂੰ ਮਹਾਨ ਰਚਨਾ ਸਾਬਤ ਕਰਨਾ।

ਅੱਜ ਹਾਲਾਤ ਇਹ ਬਣ ਰਹੇ ਹਨ ਕਿ ਪੁਸਤਕ ਛਪਵਾਉਣ ਦਾ ਠੇਕਾ, ਲੋਕ ਅਰਪਣ ਦਾ ਠੇਕਾ, ਅਖ਼ਬਾਰਾਂ ਵਿੱਚ ਖ਼ਬਰ ਲਗਵਾਉਣ ਦਾ ਠੇਕਾ ਅਤੇ ਸਮੀਖਿਆ ਛਪਵਾਉਣ ਦਾ ਠੇਕਾ ਵੱਖ-ਵੱਖ ਰੂਪਾਂ ਵਿੱਚ ਸਾਹਮਣੇ ਆ ਰਿਹਾ ਹੈ। ਕੁਝ ਲੋਕ ਲੇਖਕ ਨੂੰ ਇਹ ਭਰੋਸਾ ਵੀ ਦਿਵਾਉਂਦੇ ਹਨ ਕਿ ਉਨ੍ਹਾਂ ਦੇ ਸੰਪਰਕਾਂ ਰਾਹੀਂ ਉਸ ਦੀ ਪੁਸਤਕ ਵੱਡੇ ਅਖ਼ਬਾਰਾਂ ਅਤੇ ਸਾਹਿਤਕ ਮੰਚਾਂ ਤੱਕ ਪਹੁੰਚ ਜਾਵੇਗੀ। ਇਸ ਭਰੋਸੇ ਦੇ ਨਾਂ 'ਤੇ ਲੇਖਕ ਦੀ ਜੇਬ ਹੌਲੀ ਹੁੰਦੀ ਜਾਂਦੀ ਹੈ, ਪਰ ਉਸ ਦੀ ਰਚਨਾ ਦੀ ਸਾਹਿਤਕ ਪਛਾਣ ਕਿੰਨੀ ਬਣਦੀ ਹੈ, ਇਸ ਦਾ ਕੋਈ ਹਿਸਾਬ ਨਹੀਂ ਹੁੰਦਾ।

ਇਸ ਵਰਤਾਰੇ ਦਾ ਸਭ ਤੋਂ ਵੱਡਾ ਨੁਕਸਾਨ ਪੰਜਾਬੀ ਸਾਹਿਤ ਨੂੰ ਹੋ ਰਿਹਾ ਹੈ। ਜਦੋਂ ਪੈਸੇ ਦੇ ਆਧਾਰ 'ਤੇ ਸਮੀਖਿਆਵਾਂ ਲਿਖੀਆਂ ਜਾਣਗੀਆਂ ਤਾਂ ਚੰਗੀਆਂ ਅਤੇ ਕਮਜ਼ੋਰ ਰਚਨਾਵਾਂ ਵਿਚਲਾ ਫ਼ਰਕ ਕਿਵੇਂ ਪਤਾ ਲੱਗੇਗਾ? ਜੇ ਮੰਚ ਅਤੇ ਸਨਮਾਨ ਵੀ ਪੈਸੇ ਦੇ ਆਧਾਰ 'ਤੇ ਮਿਲਣ ਲੱਗ ਪੈਣ ਤਾਂ ਅਸਲ ਪ੍ਰਤਿਭਾ ਕਿੱਥੇ ਜਾਵੇਗੀ?



ਯਾਦਵਿੰਦਰ ਸਿੰਘ ਕਲੌਲੀ

ਪੈ.ਗਾਮ ਪੈ.ਗਾਮ-ਏ-ਜਗਤ ਜਗਤ

ਇਹ ਗੱਲ ਸਮਝਣੀ ਹੋਵੇਗੀ ਕਿ ਕਿਸੇ ਲੇਖਕ ਦੀ ਰਚਨਾ ਦਾ ਮੁੱਲ ਉਸ ਵੱਲੋਂ ਖ਼ਰਚ ਕੀਤੀ ਰਕਮ ਨਾਲ ਨਹੀਂ, ਸਗੋਂ ਉਸ ਦੀ ਸਾਹਿਤਕ ਗੁਣਵੱਤਾ ਨਾਲ ਤੈਅ ਹੋਣਾ ਚਾਹੀਦਾ ਹੈ। ਲੋਕ ਅਰਪਣ ਇੱਕ ਸਾਹਿਤਕ ਸਮਾਗਮ ਹੋਣਾ ਚਾਹੀਦਾ ਹੈ, ਵਪਾਰਕ ਸੌਦਾ ਨਹੀਂ। ਸਮੀਖਿਆ ਇੱਕ ਸੁਤੰਤਰ ਸਾਹਿਤਕ ਮੁਲਾਂਕਣ ਹੋਣਾ ਚਾਹੀਦਾ ਹੈ, ਇਸ਼ਤਿਹਾਰ ਨਹੀਂ। ਸਾਹਿਤ ਦੀ ਸੱਚੀ ਸੇਵਾ ਉਹ ਹੈ ਜਿੱਥੇ ਲੇਖਕ ਦੀ ਕਲਮ ਦਾ ਸਤਿਕਾਰ ਹੋਵੇ, ਨਾ ਕਿ ਉਸ ਦੀ ਆਰਥਿਕ ਸਮਰੱਥਾ ਦਾ ਫ਼ਾਇਦਾ ਉਠਾਇਆ ਜਾਵੇ। ਹੁਣ ਸਮਾਂ ਆ ਗਿਆ ਹੈ ਕਿ ਨਵੇਂ ਲੇਖਕ ਇਸ ਠੇਕੇਦਾਰੀ ਸੋਚ ਨੂੰ ਸਮਝਣ, ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਅਤੇ ਸਾਹਿਤਕ ਖੇਤਰ ਵਿੱਚ ਪਾਰਦਰਸ਼ਤਾ ਦੀ ਮੰਗ ਕਰਨ।

ਕਿਉਂਕਿ ਜੇ ਸਾਹਿਤਕ ਮੰਚ ਵੀ ਖਰੀਦ-ਫ਼ਰੋਖ਼ਤ ਦਾ ਕੇਂਦਰ ਬਣ ਗਏ ਤਾਂ ਕਲਮ ਦੀ ਆਜ਼ਾਦੀ ਅਤੇ ਸਾਹਿਤ ਦੀ ਭਰੋਸੇਯੋਗਤਾ ਦੋਵੇਂ ਖ਼ਤਰੇ ਵਿੱਚ ਪੈ ਜਾਣਗੀਆਂ।

ਬਾਬਾ ਸਿੱਧ ਚਾਨੋ ਜੀ ਦਾ 71ਵਾਂ ਦਹਾਜਾ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ, ਹਜ਼ਾਰਾਂ ਸ਼ਰਧਾਲੂਆਂ ਨੇ ਲਿਆ ਆਸ਼ੀਰਵਾਦ

ਪੈ.ਗਾਮ-ਏ-ਜਗਤ/ਹਰੋਲੀ/ਊਨਾ
16 ਨਵੰਬਰ (ਰਾਜਵੀਰ ਚੋਪੜਾ)

ਬਾਬਾ ਸਿੱਧ ਚਨੋ ਜੀ ਦਾ 71ਵਾਂ ਪਾਵਨ ਦਹਾਜਾ ਐਤਵਾਰ ਰਾਤ ਨੂੰ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਪਹੁੰਚੇ ਅਤੇ ਬਾਬਾ ਜੀ ਦੇ ਦਰਬਾਰ ਵਿੱਚ ਸੀਸ ਨਿਵਾ ਕੇ ਸੁੱਖ-ਸਮ੍ਰਿੱਧੀ ਦੀ ਕਾਮਨਾ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ।

ਸਮੁੱਚੇ ਸਮਾਗਮ ਦੌਰਾਨ ਭਗਤੀਮਈ ਮਾਹੌਲ ਬਣਿਆ ਰਿਹਾ ਅਤੇ ਬਾਬਾ ਜੀ ਦੇ ਜੈਕਾਰਿਆਂ ਨਾਲ ਇਲਾਕਾ ਗੂੰਜ ਉੱਠਿਆ। ਇਸ ਧਾਰਮਿਕ ਸਮਾਗਮ ਦਾ ਆਯੋਜਨ ਬੜਪਗਾ ਗੋਤ ਵੱਲੋਂ ਰਵਾਇਤੀ ਗੀਤੀ-ਰਿਵਾਜਾਂ ਅਨੁਸਾਰ ਕੀਤਾ ਜਾਂਦਾ ਹੈ।

ਹਰ ਸਾਲ ਆਯੋਜਿਤ ਹੋਣ ਵਾਲਾ ਇਹ ਸਮਾਗਮ ਲੋਕਾਂ ਦੀ ਅਟੁੱਟ ਆਸਥਾ ਅਤੇ ਧਾਰਮਿਕ ਪਰੰਪਰਾਵਾਂ ਦਾ ਪ੍ਰਤੀਕ ਹੈ। ਇਸ ਮੌਕੇ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਪਹੁੰਚੇ। ਸਮਾਗਮ ਦਾ ਮੁੱਖ



ਆਕਰਸ਼ਣ ਜਖੇੜਾ ਵਾਲਿਆਂ ਦੀ ਚਮਨ ਐਂਡ ਪਾਰਟੀ ਵੱਲੋਂ ਪੇਸ਼ ਕੀਤੀਆਂ ਸ਼ਾਨਦਾਰ ਕਲਾਤਮਕ ਪੇਸ਼ਕਾਰੀਆਂ ਰਹੀਆਂ। ਕਲਾਕਾਰਾਂ ਨੇ ਆਪਣੀ ਰਵਾਇਤੀ ਕਲਾ ਰਾਹੀਂ ਅਜਿਹਾ ਸਮਾਂ ਬੰਨ੍ਹਿਆ ਕਿ ਹਾਜ਼ਰ ਸ਼ਰਧਾਲੂ ਮੰਤਰਮੁਗਧ ਹੋ ਗਏ। ਇਸ ਦੌਰਾਨ ਬਾਬਾ ਬੋਰੀਆ ਦਾ ਸਵਾਂਗ, ਲਾਲ ਫਕੀਰ ਦਾ ਸਵਾਂਗ ਅਤੇ ਬਾਬਾ ਜੀ ਦੇ ਘੋੜਿਆਂ ਦਾ ਸਵਾਂਗ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।

ਇਨ੍ਹਾਂ ਰਵਾਇਤੀ ਸਵਾਂਗਾਂ ਨੂੰ ਦੇਖਣ ਲਈ ਲੋਕਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਕਲਾਕਾਰਾਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਧਾਰਮਿਕ ਮਾਨਤਾਵਾਂ ਅਤੇ ਪੁਰਾਣੀਆਂ ਲੋਕ ਪਰੰਪਰਾਵਾਂ ਨੂੰ ਜੀਵੰਤ ਕੀਤਾ। ਸਮਾਗਮ ਵਿੱਚ ਬਜ਼ੁਰਗਾਂ, ਨੌਜਵਾਨਾਂ ਅਤੇ ਬੱਚਿਆਂ ਸਮੇਤ ਹਰ ਉਮਰ ਵਰਗ ਦੇ ਲੋਕਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।

ਹਜ਼ਾਰਾਂ ਸ਼ਰਧਾਲੂਆਂ ਦੀ ਹਾਜ਼ਰੀ ਨੇ ਬਾਬਾ ਸਿੱਧ ਚਨੋ ਜੀ ਪ੍ਰਤੀ ਲੋਕਾਂ ਦੀ ਡੂੰਘੀ ਸ਼ਰਧਾ ਨੂੰ ਦਰਸਾਇਆ। ਇਹ ਸਮਾਗਮ ਧਾਰਮਿਕ ਆਸਥਾ ਦੇ ਨਾਲ-ਨਾਲ ਆਪਸੀ ਭਾਈਚਾਰੇ, ਸਮਾਜਿਕ ਏਕਤਾ ਅਤੇ ਇਲਾਕੇ ਦੀ ਅਮੀਰ ਲੋਕ-ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਦਾ ਸੰਦੇਸ਼ ਵੀ ਦਿੰਦਾ ਹੈ।

ਬੜਪਗਾ ਗੋਤ ਵੱਲੋਂ ਨਿਭਾਈ ਜਾ ਰਹੀ ਇਹ 71 ਸਾਲ ਪੁਰਾਣੀ ਪਰੰਪਰਾ ਅੱਜ ਵੀ ਲੋਕਾਂ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੋੜ ਰਹੀ ਹੈ। ਇਸ ਮੌਕੇ ਰੋਸ਼ਨ ਲਾਲ ਨੈਨਮਾ, ਕਾਲਾ ਨੈਨਮਾ, ਸ਼ਿੰਗਾਰਾ ਸਿੰਘ, ਲਾਲੀ, ਲਕਸ਼ਮਣ ਰਾਮ, ਰਾਮ ਲਾਲ, ਭੁਲਾ ਰਾਮ, ਮੱਖਣ ਸਿੰਘ, ਸੋਮੀ, ਕਾਲਾ, ਗੁਰਨਾਮ, ਬਲਬੀਰ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਪੱਤਰਕਾਰੀ ਦੀ ਅਸਲ ਤਾਕਤ ਭਰੋਸੇਯੋਗਤਾ ਅਤੇ ਜ਼ਿੰਮੇਵਾਰੀ ਵਿੱਚ ਨਿਹਿਤ ਹੈ : ਡਿਪਟੀ ਕਮਿਸ਼ਨਰ ਜਤਿਨ ਲਾਲ

ਪੈ.ਗਾਮ-ਏ-ਜਗਤ/ਊਨਾ
16 ਨਵੰਬਰ (ਰਾਜਵੀਰ ਚੋਪੜਾ)

- **ਕੌਮੀ ਪ੍ਰੈੱਸ ਦਿਵਸ ਮੌਕੇ 'ਪੱਤਰਕਾਰੀ : ਸਨਸਨੀ ਜਾਂ ਜ਼ਿੰਮੇਵਾਰੀ' ਵਿਸ਼ੇ 'ਤੇ ਜ਼ਿਲ੍ਹਾ ਪੱਧਰੀ ਸੰਮੇਲਨ ਅਤੇ ਵਿਚਾਰ ਗੋਸ਼ਟੀ ਕਰਵਾਈ**



ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਕਿਹਾ ਕਿ ਮੀਡੀਆ ਲੋਕਤੰਤਰ ਦਾ ਮਜ਼ਬੂਤ ਥੰਮ?ਹ ਹੈ ਅਤੇ ਸਮਾਜ ਦੀ ਤਰੱਕੀ ਵਿੱਚ ਇਸ ਦੀ ਅਹਿਮ

ਵਿਗਿਆਨਕ ਸੋਚ ਅਪਣਾਉਣਾ ਅੱਜ ਦੇ ਸਮੇਂ ਦੀ ਮੁੱਖ ਲੋੜ : ਸਤਨਾਮ ਸਿੰਘ

ਜ਼ਿਲ੍ਹਾ ਪੱਧਰੀ ਪ੍ਰੋਜੈਕਟ ਇਨੋਵੇਸ਼ਨ ਮੁਕਾਬਲਿਆਂ ਵਿੱਚ 84 ਟੀਮਾਂ ਨੇ ਲਿਆ ਭਾਗ

ਪੈ.ਗਾਮ-ਏ-ਜਗਤ
ਨਵਾਂਸ਼ਹਿਰ, 16 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਭਾਰਤ ਸਰਕਾਰ ਦੇ ਵਿਭਾਗ ਵਿਗਿਆਨ ਅਤੇ ਤਕਨਾਲੋਜੀ, ਨਵੀਂ ਦਿੱਲੀ ਅਤੇ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ ਪ੍ਰੋਜੈਕਟ ਇਨੋਵੇਸ਼ਨ ਸਕੀਮ ਅਧੀਨ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਗਏ। ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰਵਾਏ ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੀਆਂ 84 ਟੀਮਾਂ ਨੇ ਭਾਗ ਲਿਆ।

ਮੁਕਾਬਲੇ ਜ਼ਿਲ੍ਹਾ ਸਿੱਖਿਆ ਅਫ਼ਸਰ ਅਨੀਤਾ ਸ਼ਰਮਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਲਖਬੀਰ ਸਿੰਘ ਅਤੇ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਸਤਨਾਮ ਸਿੰਘ ਦੀ ਅਗਵਾਈ ਹੇਠ ਸਕੂਲ ਇੰਚਾਰਜ ਰਵਿਤਾ ਢਿੱਲੋਂ ਦੀ ਦੇਖ-ਰੇਖ ਵਿੱਚ ਕਰਵਾਏ ਗਏ। ਸਤਨਾਮ ਸਿੰਘ ਨੇ ਦੱਸਿਆ ਕਿ ਮੁਕਾਬਲਿਆਂ ਦਾ ਮੁੱਖ ਵਿਸ਼ਾ 'ਟਿਕਾਊ ਅਤੇ ਵਿਕਸਿਤ ਭਾਰਤ ਲਈ ਵਿਗਿਆਨ, ਤਕਨਾਲੋਜੀ ਅਤੇ ਨਵੀਨਤਾ' ਸੀ,



ਜਿਸ ਅਧੀਨ ਛੇ ਉਪ-ਵਿਸ਼ਿਆਂ ਵਿੱਚ ਵਿਦਿਆਰਥੀਆਂ ਨੇ ਆਪਣੇ ਪ੍ਰੋਜੈਕਟ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਗਿਆਨਕ ਸੋਚ ਅਪਣਾਉਣਾ ਅਤੇ ਇਸ ਦੀ ਸੁਚੱਜੀ ਵਰਤੋਂ ਕਰਨਾ ਬਹੁਤ ਜ਼ਰੂਰੀ ਹੈ।

ਬਲਾਕ ਨੋਡਲ ਅਫ਼ਸਰ ਗੁਰਪ੍ਰੀਤ ਸਿੰਘ ਅਟਵਾਲ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਰਾਹੀਂ ਜੀਵਨ ਸੁਖਾਲਾ ਬਣਾਉਣ ਦਾ ਸੁਨੇਹਾ ਦਿੱਤਾ। ਐਲੀਮੈਂਟਰੀ ਵਰਗ ਦੇ ਮੁਕਾਬਲਿਆਂ ਲਈ ਜਗਦੀਪ ਕੁਮਾਰ, ਸਚਿਨ ਰਾਣਾ, ਸੁਖਵਿੰਦਰ ਲਾਲ ਅਤੇ ਸਰਬਜੀਤ ਸਿੰਘ ਨੇ ਜੱਜਾਂ ਦੀ ਭੂਮਿਕਾ ਨਿਭਾਈ। ਸੈਕੰਡਰੀ ਵਰਗ ਵਿੱਚ ਰਾਜਨ ਰਾਣਾ, ਨਵਨੀਤ ਕੌਰ, ਡਾ. ਸੁਖਜੀਤ ਸਿੰਘ ਅਤੇ ਹਰਵਿੰਦਰ ਮਾਨ ਨੇ ਮੁਲਾਂਕਣ ਕੀਤਾ।

ਛੇ ਉਪ-ਵਿਸ਼ਿਆਂ ਅਧੀਨ ਦੋਵੇਂ ਵਰਗਾਂ ਵਿੱਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਇਹ ਰਹੇ:

ਕ੍ਰਿਤਰਿਮ ਬੁੱਧੀ: ਐਲੀਮੈਂਟਰੀ ਵਰਗ ਵਿੱਚ ਸਹਜ ਵੀਰ ਸਿੰਘ, ਡੌਲੀ ਅਤੇ ਹੈਵਨ ਕਸਾਨਾ, ਜਦਕਿ ਸੈਕੰਡਰੀ ਵਰਗ ਵਿੱਚ ਕ੍ਰਿਸ਼ੀ, ਗੁਰਲੀਨ ਹੀਰਾ ਅਤੇ ਦੀਕਸ਼ਾ ਨੇ ਕ੍ਰਮਵਾਰ ਪਹਿਲੇ ਤਿੰਨ ਸਥਾਨ ਹਾਸਲ ਕੀਤੇ।

ਹਰੀ ਊਰਜਾ ਅਤੇ ਵਾਤਾਵਰਣ ਸੰਭਾਲ: ਐਲੀਮੈਂਟਰੀ ਵਰਗ ਵਿੱਚ ਨਿਸ਼ਿਕਾ, ਹਰਜੋਤ ਕਟਾਰੀਆ ਅਤੇ ਹਰਲੀਨ ਕੌਰ ਅਤੇ ਸੈਕੰਡਰੀ ਵਰਗ ਵਿੱਚ ਸਿਮਰਨਜੀਤ ਕੌਰ, ਮਨਵੀਰ ਸਿੰਘ ਅਤੇ ਹਰਜੀਤ ਸਿੰਘ ਮੰਡੇਰ ਜੇਤੂ ਰਹੇ।

ਸਿਹਤ, ਸਫ਼ਾਈ ਅਤੇ ਸਵੱਛਤਾ: ਐਲੀਮੈਂਟਰੀ ਵਰਗ ਵਿੱਚ ਨਵਦੀਪ ਸਿੰਘ, ਮਨਸੀਰਤ ਕੌਰ ਅਤੇ ਤਰਨ ਸ਼ਰਮਾ ਅਤੇ ਸੈਕੰਡਰੀ ਵਰਗ ਵਿੱਚ ਤਮੰਨਾ, ਇੰਦਰਪ੍ਰੀਤ ਕੌਰ ਅਤੇ ਦਲਜੀਤ ਬੰਗੜ ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ।

ਰਵਾਇਤੀ ਦੇਸੀ ਖੇਤੀਬਾੜੀ ਦੇ ਤਰੀਕੇ: ਐਲੀਮੈਂਟਰੀ ਵਰਗ ਵਿੱਚ ਕਲਾਰਾ ਏਕਾ, ਪਲਕ ਚੌਧਰੀ ਅਤੇ ਵਰਸ਼ਾ ਅਤੇ ਸੈਕੰਡਰੀ ਵਰਗ ਵਿੱਚ ਹਰਲੀਨ ਕੌਰ, ਦੀਪਕਾ ਰਾਣੀ ਅਤੇ ਸੁਨੇਹਾ ਜੇਤੂ ਰਹੇ।

ਪੇਂਡੂ ਵਿਕਾਸ ਲਈ ਵਿਗਿਆਨ: ਐਲੀਮੈਂਟਰੀ ਵਰਗ ਵਿੱਚ ਰਮਨਦੀਪ ਕੌਰ, ਨਵਜੋਤ ਕੌਰ ਅਤੇ ਰਮਨਜੀਤ ਕੌਰ ਅਤੇ ਸੈਕੰਡਰੀ ਵਰਗ ਵਿੱਚ ਕੋਮਲ, ਹਰਮਨਦੀਪ ਕੌਰ ਅਤੇ ਲਾਲ ਚੰਦ ਨੇ ਸਥਾਨ ਹਾਸਲ ਕੀਤੇ।

ਕੁਦਰਤੀ ਆਫ਼ਤ ਪ੍ਰਬੰਧਨ: ਐਲੀਮੈਂਟਰੀ ਵਰਗ ਵਿੱਚ ਏਕਮਬੀਰ, ਮਾਨਵੀ ਮਹਿਰਾ ਅਤੇ ਪ੍ਰਣਵ ਚੌਧਰੀ ਅਤੇ ਸੈਕੰਡਰੀ ਵਰਗ ਵਿੱਚ ਪ੍ਰਭਗੁਣ ਕੌਰ, ਕਿਰਨਜੀਤ ਕੌਰ ਅਤੇ ਤਾਨੀਆ ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ। ਇਸ ਮੌਕੇ ਪ੍ਰਿੰਸੀਪਲ ਰਜਨੀਸ਼ ਕੁਮਾਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਜਸਵੀਰ ਚੰਦ, ਸੰਦੀਪ ਸਿੰਘ, ਬਲਵਿੰਦਰ ਸਿੰਘ ਅਤੇ ਕਮਲਦੀਪ ਸੱਲਣ ਸਮੇਤ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ। ਅੰਤ ਵਿੱਚ ਸਕੂਲ ਇੰਚਾਰਜ ਰਵਿਤਾ ਢਿੱਲੋਂ ਨੇ ਸਭ ਦਾ ਧੰਨਵਾਦ ਕੀਤਾ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਭਵਾਨੀਗੜ੍ਹ ਬਲਾਕ ਦੀਆਂ 9 ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ

ਭਵਾਨੀਗੜ੍ਹ, 16 ਨਵੰਬਰ (ਪੈਗਾਮ-ਏ-ਜਗਤ)

ਸੰਗਰੂਰ ਹਲਕੇ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਆਪਣੇ ਦਫ਼ਤਰ ਵਿਖੇ ਭਵਾਨੀਗੜ੍ਹ ਬਲਾਕ ਦੀਆਂ 9 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਉਨ੍ਹਾਂ ਨੇ ਨਵ-ਨਿਯੁਕਤ ਹੈਲਪਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ ਅਤੇ ਹੈਲਪਰਾਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਆਂਗਣਵਾੜੀ ਕੇਂਦਰ ਛੋਟੀ ਉਮਰ ਦੇ ਬੱਚਿਆਂ ਨੂੰ ਪੂਰਕ ਪੋਸ਼ਣ, ਦੇਖਭਾਲ ਅਤੇ ਸਕੂਲ-ਪੂਰਵ ਸਿੱਖਿਆ ਦੀਆਂ ਸੇਵਾਵਾਂ ਮੁਹੱਈਆ ਕਰਵਾਉਂਦੇ ਹਨ। ਇਨ੍ਹਾਂ ਕੇਂਦਰਾਂ ਦੇ ਰੋਜ਼ਾਨਾ ਕੰਮਕਾਜ ਵਿੱਚ ਹੈਲਪਰਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਉਹ ਬੱਚਿਆਂ ਲਈ ਭੋਜਨ ਤਿਆਰ ਕਰਨ ਅਤੇ ਸਮੇਂ ਸਿਰ ਵਰਤਾਉਣ ਦੇ ਨਾਲ-ਨਾਲ ਰਸੋਈ, ਭਾਂਡਿਆਂ ਅਤੇ ਕੇਂਦਰ ਦੀ ਸਫ਼ਾਈ ਦਾ ਧਿਆਨ ਰੱਖਣ ਵਿੱਚ ਸਹਿਯੋਗ ਦਿੰਦੀਆਂ ਹਨ। ਖਾਣਾ ਖਾਣ ਤੋਂ ਪਹਿਲਾਂ ਹੱਥ ਧੋਣ ਵਰਗੀਆਂ ਸਫ਼ਾਈ ਦੀਆਂ ਆਦਤਾਂ ਬੱਚਿਆਂ ਦੀ ਰੋਜ਼ਾਨਾ ਰੁਟੀਨ ਦਾ ਹਿੱਸਾ ਬਣਾਉਣ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਹੁੰਦਾ ਹੈ। ਕੇਂਦਰਾਂ ਵਿੱਚ ਕਹਾਣੀਆਂ, ਗੀਤਾਂ, ਚਿੱਤਰਾਂ ਅਤੇ ਖੇਡਾਂ ਰਾਹੀਂ ਬੱਚਿਆਂ ਨੂੰ ਰਲ-ਮਿਲ ਕੇ ਬੈਠਣ, ਆਪਣੀ ਗੱਲ ਕਹਿਣ ਅਤੇ ਨਵੀਆਂ ਚੀਜ਼ਾਂ ਸਿੱਖਣ ਦੇ ਮੌਕੇ ਮਿਲਦੇ ਹਨ। ਇਨ੍ਹਾਂ ਗਤੀਵਿਧੀਆਂ ਲਈ ਲੋੜੀਂਦੀ ਸਮੱਗਰੀ ਅਤੇ ਬੱਚਿਆਂ ਦੇ ਬੈਠਣ ਦੀ ਥਾਂ ਤਿਆਰ ਕਰਨ ਵਿੱਚ ਹੈਲਪਰਾਂ ਵੱਲੋਂ ਆਂਗਣਵਾੜੀ ਵਰਕਰਾਂ ਨੂੰ ਸਹਿਯੋਗ ਦਿੱਤਾ ਜਾਂਦਾ ਹੈ। ਇਸ ਨਾਲ ਬੱਚਿਆਂ ਦੀ ਦੇਖਭਾਲ ਦੇ ਨਾਲ-ਨਾਲ ਸਕੂਲ-ਪੂਰਵ ਸਿੱਖਿਆ ਦੀਆਂ ਗਤੀਵਿਧੀਆਂ ਨੂੰ ਨਿਯਮਤ ਢੰਗ ਨਾਲ ਚਲਾਉਣ ਵਿੱਚ ਵੀ ਮਦਦ ਮਿਲਦੀ ਹੈ। ਭਵਾਨੀਗੜ੍ਹ ਬਲਾਕ ਵਿੱਚ ਇਨ੍ਹਾਂ ਨਿਯੁਕਤੀਆਂ ਨਾਲ ਆਂਗਣਵਾੜੀ ਕੇਂਦਰਾਂ ਦੇ ਰੋਜ਼ਾਨਾ ਕੰਮਕਾਜ ਲਈ ਵਾਧੂ ਸਹਿਯੋਗ ਮਿਲੇਗਾ। ਇਸ ਨਾਲ ਬੱਚਿਆਂ ਨੂੰ ਸਮੇਂ ਸਿਰ ਭੋਜਨ ਮੁਹੱਈਆ ਕਰਵਾਉਣ, ਕੇਂਦਰਾਂ ਵਿੱਚ ਸਾਫ਼-ਸੁਥਰਾ ਮਾਹੌਲ ਬਣਾਈ ਰੱਖਣ ਅਤੇ ਖੇਡ ਤੇ ਸਿੱਖਣ ਦੀਆਂ ਗਤੀਵਿਧੀਆਂ ਲਈ ਲੋੜੀਂਦੇ ਪ੍ਰਬੰਧ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਅਹੁਦੇਦਾਰ, ਪਤਵੰਤੇ ਅਤੇ ਨਵ-ਨਿਯੁਕਤ ਹੈਲਪਰਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

ਸਰਕਾਰੀ ਪ੍ਰਾਇਮਰੀ ਸਕੂਲ ਸੁੱਧਾ ਮਾਜਰਾ ਵਿਖੇ ਬਾਲ ਮੇਲਾ ਕਰਵਾਇਆ



ਪੈ.ਗਾਮ-ਏ-ਜਗਤ/ਨਵਾਂਸ਼ਹਿਰ/ਕਾਠਗੜ੍ਹ
16 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)

ਸਿੱਖਿਆ ਵਿਭਾਗ ਦੇ ਨਿਰਦੇਸ਼ਾਂ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਸੁੱਧਾ ਮਾਜਰਾ ਵਿਖੇ ਹੈਡ ਟੀਚਰ ਸ੍ਰੀਮਤੀ ਇੰਦਰਜੀਤ ਕੌਰ ਦੀ ਅਗਵਾਈ ਵਿੱਚ ਬਾਲ ਅਤੇ ਐਫ ਐਨ ਮੇਲਾ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਅਧਿਆਪਕਾਂ ਵੱਲੋਂ ਜੁੱਥੇ ਬੱਚਿਆਂ ਦੇ ਮਾਪਿਆਂ ਤੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ ਉੱਥੇ ਹੀ ਬੱਚਿਆਂ ਦੀਆਂ ਮਾਵਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ ਅਤੇ ਵਿਭਾਗ ਦੀਆਂ ਪਾਲਸੀਆਂ ਤੋਂ ਜਾਣੂ ਕਰਵਾਇਆ ਗਿਆ। ਇਸ ਦੌਰਾਨ ਸਿੱਖਿਆ ਦਾ ਮਿਆਰ ਅਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਦੀਆਂ ਸੰਭਾਵਨਾਵਾਂ ਸਬੰਧੀ ਵਿਸਥਾਰ ਪੂਰਵਕ ਗੱਲਬਾਤ ਕੀਤੀ ਗਈ। ਇਸ ਮੌਕੇ ਮੈਡਮ ਇੰਦਰਜੀਤ ਕੌਰ ਤੋਂ ਇਲਾਵਾ ਮਾਸਟਰ ਚੰਦਰ ਦੇਵ ਸਿੰਘ, ਸੁਰਭੀ ਸ਼ਾਰਦਾ, ਆਸ਼ਾ ਰਾਣੀ, ਗੀਟਾ ਅਤੇ ਜਸਵਿੰਦਰ ਕੌਰ ਵੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਪੰਜਾਬ ਦੇ ਉਦਯੋਗ, ਵਪਾਰ ਅਤੇ ਖੇਤੀਬਾੜੀ ਖੇਤਰਾਂ ਨੂੰ ਨਵੀਂ ਦਿਸ਼ਾ ਦੇਣ ਲਈ ਯਤਨ ਕੀਤੇ ਜਾਣਗੇ : ਧਰਮਿੰਦਰ ਟੋਨੀ

ਪੈ.ਗਾਮ-ਏ-ਜਗਤ
ਫਗਵਾੜਾ (ਦਲਜੀਤ ਅਜਨੋਹਾ)

- **2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਰਕਾਰ ਬਣਨ ਦਾ ਪ੍ਰਗਟਾਇਆ ਭਰੋਸਾ**

2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਸੂਬੇ ਵਿੱਚ ਸਰਕਾਰ ਬਣਨ ਤੇ ਪੰਜਾਬ ਦੇ ਉਦਯੋਗ,ਵਪਾਰ, ਖੇਤੀਬਾੜੀ ਅਤੇ ਡੇਅਰੀ ਫਾਰਮਿੰਗ ਖੇਤਰਾਂ ਨੂੰ ਮੁੜ ਸੁਰਜੀਤ ਕਰਨ ਲਈ ਯਤਨ ਕੀਤੇ ਜਾਣਗੇ।



ਇਹ ਗੱਲ ਸ਼੍ਰੋਮਣੀ ਅਕਾਲੀ ਦਲ ਉਦਯੋਗ ਵਿੰਗ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਕੁਮਾਰ ਟੋਨੀ ਨੇ ਸੋਮਵਾਰ ਨੂੰ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਕਹੀ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਕੋਲ ਇੱਕ ਵਾਰ ਫਿਰ ਇਸਨੂੰ ਦੇਸ਼ ਦਾ ਇੱਕ ਵੱਡਾ ਉਦਯੋਗਿਕ ਕੇਂਦਰ ਬਣਾਉਣ ਦੀ ਸਮਰੱਥਾ ਅਤੇ ਤਜਰਬਾ ਹੈ। ਧਰਮਿੰਦਰ ਟੋਨੀ ਨੇ ਕਿਹਾ ਕਿ ਪੰਜਾਬ ਦੀਆਂ ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।

ਇਸ ਨੂੰ ਪ੍ਰਾਪਤ ਕਰਨ ਲਈ,ਉੱਦਮੀਆਂ ਨੂੰ ਬਿਹਤਰ ਬੁਨਿਆਦੀ ਢਾਂਚਾ,ਨਿਰਵਿਘਨ ਬਿਜਲੀ ਸਪਲਾਈ, ਸਰਲ ਸਰਕਾਰੀ ਪ੍ਰਕਿਰਿਆਵਾਂ ਅਤੇ ਅਨੁਕੂਲ ਨਿਵੇਸ਼ ਵਾਤਾਵਰਣ ਪ੍ਰਦਾਨ ਕਰਨਾ ਜ਼ਰੂਰੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਨੇ ਉਦਯੋਗਪਤੀਆਂ ਅਤੇ ਕਾਰੋਬਾਰੀਆਂ ਦਾ ਸਰਕਾਰ ਵਿੱਚ ਵਿਸ਼ਵਾਸ ਕਮਜ਼ੋਰ ਕਰ ਦਿੱਤਾ ਹੈ।

ਖੇਤੀਬਾੜੀ ਦੀ ਮਹੱਤਤਾ ਤੇ ਚਰਚਾ ਕਰਦਿਆਂ ਧਰਮਿੰਦਰ ਟੋਨੀ ਨੇ ਕਿਹਾ ਕਿ ਇਹ ਪੰਜਾਬ ਦੀ ਆਰਥਿਕਤਾ ਦਾ ਇੱਕ ਮਹੱਤਵਪੂਰਨ ਹਿੱਸਾ ਹੈ।ਵੱਡੀ ਗਿਣਤੀ ਵਿੱਚ ਕਿਸਾਨ ਅਤੇ ਪਸ਼ੂ ਪਾਲਕ ਆਪਣੀ ਰੋਜ਼ੀ-ਰੋਟੀ ਲਈ ਇਸ ਕਿੱਤੇ ਤੇ ਨਿਰਭਰ ਕਰਦੇ ਹਨ। ਜੇਕਰ ਸ਼੍ਰੋਮਣੀ ਅਕਾਲੀ ਦਲ ਸਰਕਾਰ ਬਣਾਉਂਦਾ ਹੈ,ਤਾਂ ਪਸ਼ੂ ਪਾਲਕਾਂ ਨੂੰ ਆਧੁਨਿਕ ਤਕਨਾਲੋਜੀ, ਵਧੀਆ ਨਸਲਾਂ ਅਤੇ ਵਧੀਆ ਉਤਪਾਦ ਪੈਦਾ ਕਰਨ ਦਾ ਅਧਿਕਾਰ ਪ੍ਰਦਾਨ ਕੀਤਾ ਜਾਵੇਗਾ।

ਪਸ਼ੂਆਂ ਨੂੰ ਬਿਹਤਰ ਵੈਟਰਨਰੀ ਸਹੂਲਤਾਂ ਅਤੇ ਸਸਤੀ ਪਸ਼ੂ ਖੁਰਾਕ ਪ੍ਰਦਾਨ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਦੁੱਧ ਉਤਪਾਦਕਾਂ ਨੂੰ ਉਨ੍ਹਾਂ ਦੇ ਉਤਪਾਦਾਂ ਲਈ ਵਾਜਬ ਕੀਮਤਾਂ ਯਕੀਨੀ ਬਣਾਉਣ ਅਤੇ ਡੇਅਰੀ ਫਾਰਮਿੰਗ ਨੂੰ ਇੱਕ ਲਾਭਦਾਇਕ ਕਾਰੋਬਾਰ ਬਣਾਉਣ ਲਈ ਪ੍ਰਭਾਵਸ਼ਾਲੀ ਨੀਤੀਆਂ ਬਣਾਈਆਂ ਜਾਣਗੀਆਂ।ਪਸ਼ੂ ਪਾਲਣ ਖੇਤਰ ਨੂੰ ਉਤਸ਼ਾਹਿਤ ਕਰਨ ਨਾਲ ਪੇਂਡੂ ਆਰਥਿਕਤਾ ਵੀ ਮਜ਼ਬੂਤ ਹੋਵੇਗੀ।

ਟ੍ਰੈਫਿਕ ਜਾਗਰੂਕਤਾ ਅਭਿਆਨ ਨੂੰ ਤੇਜ਼ ਕਰਦੇ ਫਿਲਮ ਨੋ ਚਲਾਨ ਕਰੋ ਧਿਆਨ ਦੇ ਕਲਾਈਮੈਕਸ ਸ਼ੂਟ ਕੀਤਾ ਗਿਆ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸੜਕ ਸੁੱਰਖਿਆ ਅਭਿਆਨ ਵਿੱਚ ਚਾਲਕਾਂ ਅਤੇ ਸਰਕਾਰਾਂ ਵੱਲੋਂ ਬਣਾਏ ਗਏ ਟ੍ਰੈਫਿਕ ਨਿਯਮਾਂ ਤੋਂ ਜਾਗਰੂਕਤਾ ਅਭਿਆਨ ਨੂੰ ਤੇਜ਼ ਕਰਨ ਲਈ ਅਵੀਨਾਸ਼ ਰਾਏ ਖੰਨਾ ਜੀ ਦੀ ਲਿਖੀ ਕਹਾਣੀ ਉੱਪਰ ਅਧਾਰਿਤ ਫਿਲਮ ਨੋ ਚਲਾਨ ਕਰੋ ਧਿਆਨ ਦਾ ਕਲਾਈਮੈਕਸ ਸਥਾਨਕ ਰਿਆਤ ਬਾਹਰਾ ਯੂਨੀਵਰਸਿਟੀ ਵਿੱਚ ਕੀਤਾ ਗਿਆ। ਜਿਸ ਦਾ ਮਹੂਰਤ ਸ਼ੋਟ ਦੇ ਮੌਕੇ ਤੇ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਚੰਦਰ ਮੋਹਨ ਅਤੇ ਅਵੀਨਾਸ਼ ਰਾਏ ਖੰਨਾ ਨੇ ਫਿਲਮ ਕਲੈਪ ਦਿਖਾ ਕੇ ਕੀਤਾ। ਇਸ ਫਿਲਮ ਦੇ ਨਿਰਦੇਸ਼ਕ ਰੰਗਮੰਚ ਦੇ ਮਸ਼ਹੂਰ ਕਲਾਕਾਰ ਅਸ਼ੋਕ ਪੁਰੀ ਹਨ। ਨੋ ਚਲਾਨ ਕਰੋ ਧਿਆਨ



ਫਿਲਮ ਵਿੱਚ ਪੰਜਾਬੀ ਦੇ ਮਸ਼ਹੂਰ ਕਲਾਕਾਰ ਸੰਤਾ-ਬੰਤਾ, ਚੰਦਰ ਮੋਹਨ, ਅਸ਼ੋਕ ਪੁਰੀ, ਪਿੰਦਾ ਮਖੋਲੀਆ, ਪਵਨ ਸਿੰਘ , ਸੁਖਵੀਰ ਚੱਠਾ, ਸੰਜੂ ਅਰੋੜਾ, ਅਜੈ ਸਹਿਦੇਵ ਅਤੇ ਨੈਨਸੀ ਅਰੋੜਾ ਦਿਖਾਈ ਦੇਣਗੇ। ਇਸ ਫਿਲਮ ਵਿੱਚ ਬਹੁਰੰਗ ਕਲਾਮੰਚ ਵੱਲੋਂ ਲੰਬੇ ਸਮੇਂ ਤੋਂ ਚਲਾਏ ਜਾ ਰਹੇ ਰੰਗਮੰਚ ਅਭਿਆਨ ਵਿੱਚ ਸਰਗਰਮ ਗੁਰਮੇਲ ਧਾਲੀਵਾਲ, ਕਮਲਜੀਤ ਕੌਰ, ਹੀਰਾ ਮੇਗੋਵਾਲੀਆ, ਸ਼ੱਸ਼ੀ ਕੁਮਾਰ, ਅੰਮ੍ਰਿਤ ਲਾਲ, ਮਹੇਸ਼ ਕੁਮਾਰ ਦੇ ਨਾਲ ਬਾਲ ਕਲਾਕਾਰ ਯੁੱਧਵੀਰ ਸਿੰਘ ਵੀ ਦਿਖਾਈ ਦੇਵੇਗਾ। ਇਸ ਦੇ ਕੈਮਰਾਮੈਨ ਰੋਹਿਤ ਕੁਮਾਰ ਅਤੇ ਐਡੀਟਰ ਨਰੇਸ਼ ਐਸ. ਗਰਗ ਹਨ।

ਫਿਲਮ ਦੇ ਕਲਾਈਮੈਕਸ ਸ਼ੂਟ ਮੌਕੇ ਅਵੀਨਾਸ਼ ਰਾਏ ਖੰਨਾ ਨੇ ਦੱਸਿਆ ਕਿ ਗੋਲਡ ਮੈਡਲ ਦਾ ਦਹੇਜ਼ ਜੋ ਕਿ ਦਾਜ ਪ੍ਰਥਾ ਤੋਂ ਜਾਗਰੂਕ ਕਰਵਾਉਂਦੀ ਹੈ ਤੋਂ ਬਾਅਦ ਉਹਨਾਂ ਦੀ ਲਿੱਖੀ ਕਹਾਣੀ ਨੋ ਚਲਾਨ ਉੱਪਰ ਸ੍ਰੀ ਗ਼ੁਸਾ ਫਿਲਮਜ਼ ਵੱਲੋਂ ਬਣਾਈ ਜਾ ਰਹੀ ਇਹ ਫਿਲਮ ਨੋ ਚਲਾਨ ਕਰੋ ਧਿਆਨ ਦੰਸਬਰ ਮਹੀਨੇ ਦੇ ਅੱਧ ਵਿੱਚ ਰਿਲੀਜ਼ ਕੀ

ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਹਰਿਆਣਾ ਇਕਾਈ ਦੇ ਜਥੇਬੰਦਕ ਢਾਂਚੇ ਦਾ ਐਲਾਨ

ਪੈ.ਗਾਮ-ਏ-ਜਗਤ
ਪੈ.ਗਾਮ-ਏ-ਜਗਤ/ਅੰਬਾਲਾ
16 ਨਵੰਬਰ (ਆਰ. ਸਿੰਘ)

- **ਪਾਰਟੀ ਨਾਲ ਲੰਮੇ ਸਮੇਂ ਤੋਂ ਜੁੜੇ ਆਗੂਆਂ ਨੂੰ ਦਿੱਤੀਆਂ ਅਹਿਮ ਜ਼ਿੰਮੇਵਾਰੀਆਂ, ਕਈ ਸੀਨੀਅਰ ਆਗੂ ਵਰਕਿੰਗ ਕਮੇਟੀ ਵਿੱਚ ਸ਼ਾਮਲ**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹਰਿਆਣਾ ਰਾਜ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਹੈ। ਇਹ ਐਲਾਨ ਹਰਿਆਣਾ ਸਟੇਟ ਦੇ ਅਬਜ਼ਰਵਰ ਅਤੇ ਪਾਰਟੀ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੁੰਦੜ ਅਤੇ ਹਰਿਆਣਾ ਰਾਜ ਦੇ ਪ੍ਰਧਾਨ ਹਰਕੇਸ਼ ਸਿੰਘ ਮੌਹੜੀ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਕੀਤਾ ਗਿਆ। ਇਸ ਜਥੇਬੰਦਕ ਢਾਂਚੇ ਵਿੱਚ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਨਾਲ ਸਬੰਧਤ ਪਾਰਟੀ ਦੇ ਪੁਰਾਣੇ ਅਤੇ ਸਰਗਰਮ ਆਗੂਆਂ ਨੂੰ ਅਹਿਮ ਅਹੁਦੇ ਸੌਂਪੇ ਗਏ ਹਨ।

ਹਰਿਆਣਾ ਸਟੇਟ ਦੇ ਪ੍ਰਧਾਨ ਹਰਕੇਸ਼ ਸਿੰਘ ਮੌਹੜੀ ਨੇ ਦੱਸਿਆ ਕਿ ਚੰਡੀਗੜ੍ਹ ਸਥਿਤ ਪਾਰਟੀ ਦੇ ਮੁੱਖ ਦਫ਼ਤਰ ਤੋਂ ਜਾਣਕਾਰੀ ਦਿੰਦਿਆਂ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਹਰਿਆਣਾ ਵਿੱਚ ਲੰਮੇ ਸਮੇਂ ਤੋਂ ਪਾਰਟੀ ਨਾਲ ਜੁੜੇ ਆਗੂਆਂ ਨੂੰ ਨਵੇਂ ਜਥੇਬੰਦਕ ਢਾਂਚੇ ਵਿੱਚ ਸ਼ਾਮਲ ਕਰਕੇ ਉਨ੍ਹਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।

ਐਲਾਨ ਅਨੁਸਾਰ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਮਰਜੀਤ ਸਿੰਘ ਮੰਗੀ ਨੂੰ ਹਰਿਆਣਾ ਸਟੇਟ ਅਕਾਲੀ ਦਲ ਦਾ ਸਰਪ੍ਰਸਤ ਬਣਾਇਆ ਗਿਆ ਹੈ। ਇਸੇ ਤਰ੍ਹਾਂ ਐਸ.ਜੀ.ਪੀ.ਸੀ. ਮੈਂਬਰ ਬਲਦੇਵ ਸਿੰਘ ਕੈਮਪੁਰ ਨੂੰ ਅਨੁਸ਼ਾਸਨੀ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ, ਜਦੋਂਕਿ ਮਨਜੀਤ ਸਿੰਘ ਬੱਬੂ ਅਤੇ ਕੁਰੂਕਸ਼ੇਤਰ ਦੇ ਤਜਿੰਦਰਪਾਲ ਸਿੰਘ ਢਿੱਲੋਂ ਨੂੰ ਇਸ ਕਮੇਟੀ ਦਾ ਮੈਂਬਰ ਬਣਾਇਆ ਗਿਆ ਹੈ। ਐਸ.ਜੀ.ਪੀ.ਸੀ. ਮੈਂਬਰ ਬੀਬੀ ਮਨਜੀਤ ਕੌਰ ਯਮੁਨਾਨਗਰ ਅਤੇ ਸਾਬਕਾ ਮੈਂਬਰ ਗੁਰਦੀਪ ਸਿੰਘ ਭਾਨੋਖੇੜੀ ਨੂੰ ਹਰਿਆਣਾ ਸਟੇਟ ਦੀ ਕੋਰ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਹੈ। ਕੈਥਲ ਦੇ ਪ੍ਰਿਥੀਪਾਲ ਸਿੰਘ ਝੱਬਰ ਨੂੰ ਸਕੱਤਰ ਜਨਰਲ, ਫ਼ਤਿਆਬਾਦ ਦੇ ਹਰਪਾਲ ਸਿੰਘ ਅਹਿਰਵਾਂ ਅਤੇ ਕਰਨਾਲ ਦੇ ਦਵਿੰਦਰ ਸਿੰਘ ਵਿਰਕ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸੁਖਦੇਵ ਸਿੰਘ ਨਨਿਓਲਾ, ਮੈਂਬਰ ਹਰਿਆਣਾ ਗੁਰਦੁਆਰਾ ਕਮੇਟੀ ਅਤੇ ਸੁਖਵਿੰਦਰ ਸਿੰਘ ਫ਼ਤਿਆਬਾਦ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਪਾਰਟੀ ਦੇ ਮੀਤ ਪ੍ਰਧਾਨਾਂ ਵਿੱਚ ਅਜੀਤ ਸਿੰਘ ਸੌਂਡਾਂ, ਜਥੇਦਾਰ ਅਮੀਰ ਸਿੰਘ ਕਰਨਾਲ, ਬਲਕਾਰ ਸਿੰਘ ਕਰਨਾਲ, ਜਰਨੈਲ ਸਿੰਘ, ਗੁਰਮੀਤ ਸਿੰਘ ਪੂਨੀਆ ਕੈਥਲ, ਗੁਰਨਾਮ ਸਿੰਘ ਗੁਰਾਇਆ ਕੈਥਲ ਅਤੇ ਬਲਜਿੰਦਰ ਸਿੰਘ ਚਡਿਆਲਾ ਨੂੰ ਸ਼ਾਮਲ ਕੀਤਾ ਗਿਆ ਹੈ। ਜਥੇਬੰਦਕ ਸਕੱਤਰਾਂ ਵਜੋਂ ਪ੍ਰਤਾਪ ਸਿੰਘ ਸੈਕੜਾ, ਕੁਲਦੀਪ ਸਿੰਘ ਚੀਮਾ ਕੈਥਲ ਅਤੇ ਹਰਮਨਜੀਤ ਸਿੰਘ ਸੰਧੂ ਯਮੁਨਾਨਗਰ ਨੂੰ ਨਿਯੁਕਤ ਕੀਤਾ ਗਿਆ ਹੈ। ਅਜੈ ਨੀਲੋਖੇੜੀ (ਕਰਨਾਲ) ਅਤੇ ਕੁਲਵਿੰਦਰ ਸਿੰਘ ਫ਼ਤਿਆਬਾਦ ਨੂੰ ਸੰਯੁਕਤ ਸਕੱਤਰ ਬਣਾਇਆ ਗਿਆ ਹੈ।

ਇਸ ਤੋਂ ਇਲਾਵਾ ਸੁਖਜਿੰਦਰ ਸਿੰਘ ਮਸਾਣਾ ਨੂੰ ਹਰਿਆਣਾ ਇਕਾਈ ਦਾ ਖ਼ਜ਼ਾਨਚੀ ਅਤੇ ਅੰਬਾਲਾ ਦੇ ਜਤਿੰਦਰਪਾਲ ਸਿੰਘ ਲੱਕੀ ਨੂੰ ਪਾਰਟੀ ਦਾ ਬੁਲਾਰਾ ਨਿਯੁਕਤ ਕੀਤਾ ਗਿਆ ਹੈ। ਐਡਵੋਕੇਟ ਅਮਰਜੀਤ ਸਿੰਘ ਗਧੌਲਾ ਯਮੁਨਾਨਗਰ ਨੂੰ ਲੀਗਲ ਵਿੰਗ ਦਾ ਪ੍ਰਧਾਨ ਅਤੇ ਐਡਵੋਕੇਟ ਗੁਰਤੇਜ ਸਿੰਘ ਸੇਖੋਂ ਨੂੰ ਲੀਗਲ ਵਿੰਗ ਦਾ ਜਨਰਲ ਸਕੱਤਰ ਬਣਾਇਆ ਗਿਆ ਹੈ।

ਇਸੇ ਤਰ੍ਹਾਂ ਪਾਰਟੀ ਦੀ ਵਰਕਿੰਗ ਕਮੇਟੀ ਵਿੱਚ ਵੀ ਕਈ ਸੀਨੀਅਰ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਵਿੱਚ ਜਗਸੀਰ ਸਿੰਘ ਮਾਂਗੇਆਣਾ, ਅੰਗਰੇਜ਼ ਸਿੰਘ ਖਾਨਪੁਰ ਅੰਬਾਲਾ, ਮਾਸਟਰ ਮਹਿੰਦਰ ਸਿੰਘ ਅੰਬਾਲਾ, ਜਗਤਾਰ ਸਿੰਘ ਬੜ�ੈਲਾ, ਅਮਰੀਕ ਸਿੰਘ ਮੇਹਰਾ ਕੁਰੂਕਸ਼ੇਤਰ, ਕਰਨੈਲ ਸਿੰਘ ਸਿਆਣਾ ਸੈਦਾਂ ਕੁਰੂਕਸ਼ੇਤਰ, ਗਮਦੂਰ ਸਿੰਘ ਝਰੌਲੀ, ਸੁਖਵੰਤ ਸਿੰਘ ਕਲਸਾਣੀ, ਬਲਬੀਰ ਸਿੰਘ ਸਮਾਣੀ, ਪਰਮਜੀਤ ਸਿੰਘ ਬਰਟੌਲੀ ਕੁਰੂਕਸ਼ੇਤਰ, ਮੇਵਾ ਸਿੰਘ ਸਲਪਾਣੀ ਕਲਾਂ, ਗੁਰਦੀਪ ਸਿੰਘ ਮਹਿਮੂਦਪੁਰ ਕੈਥਲ, ਪ੍ਰੀਤਮ ਸਿੰਘ ਢਿੱਲੋਂ ਕੈਥਲ ਅਤੇ ਜਸਵਿੰਦਰ ਸਿੰਘ ਫ਼ਰੀਦਾਬਾਦ ਦੇ ਨਾਮ ਸ਼ਾਮਲ ਹਨ। ਇਸ ਤੋਂ ਇਲਾਵਾ ਹਰਪ੍ਰੀਤ ਸਿੰਘ ਸੰਧੂ ਗੁੜਗਾਵਾਂ, ਮਹਿੰਦਰ ਸਿੰਘ ਚਾਵਲਾ ਰੋਹਤਕ, ਬੀਬੀ ਅਮਰਜੀਤ ਕੌਰ ਬਾੜਾ, ਹਰਦਲਜੀਤ ਸਿੰਘ ਫ਼ਤਿਹਾਬਾਦ, ਬਲਦੇਵ ਸਿੰਘ ਮੀਰਾਂਬੱਦੀ ਰਤੀਆ, ਅਵਤਾਰ ਸਿੰਘ ਟੋਹਾਣਾ, ਸੁਖਜੀਤ ਸਿੰਘ ਹਿਸਾਰ, ਪ੍ਰਦੀਪ ਸਿੰਘ ਹਿਸਾਰ, ਹਰਜੀਤ ਸਿੰਘ ਰਤੀਆ, ਪਰਮਜੀਤ ਸਿੰਘ ਗੋਗੀ ਯਮੁਨਾਨਗਰ, ਇੰਦਰਜੀਤ ਸਿੰਘ ਢਿੱਲੋਂ ਯਮੁਨਾਨਗਰ, ਜਰਨੈਲ ਸਿੰਘ ਧਿਆਣਾ ਯਮੁਨਾਨਗਰ, ਮਲਵਿੰਦਰ ਸਿੰਘ ਬੇਦੀ ਪੰਚਕੂਲਾ ਅਤੇ ਲਖਵਿੰਦਰ ਸਿੰਘ ਸਦਾਨਾ ਪੰਚਕੂਲਾ ਨੂੰ ਵੀ ਵਰਕਿੰਗ ਕਮੇਟੀ ਦਾ ਮੈਂਬਰ ਬਣਾਇਆ ਗਿਆ ਹੈ। ਇਨ੍ਹਾਂ ਵਿੱਚ ਐਸ.ਜੀ.ਪੀ.ਸੀ. ਦੇ ਮੌਜੂਦਾ ਅਤੇ ਸਾਬਕਾ ਮੈਂਬਰ ਵੀ ਸ਼ਾਮਲ ਹਨ। ਪਾਰਟੀ ਵੱਲੋਂ ਕੀਤੀਆਂ ਗਈਆਂ ਇਨ੍ਹਾਂ ਨਿਯੁਕਤੀਆਂ ਨਾਲ ਹਰਿਆਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੰਗਠਨ ਨੂੰ ਨਵੀਂ ਬਣਤਰ ਦੇਣ ਅਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।

ਇਨੈਲੋ ਨੇ ਸਾਰੇ ਜ਼ਿਲ੍ਹਿਆਂ ਵਿਚ ਸਹਿ-ਇੰਚਾਰਜ ਨਿਯੁਕਤ ਕੀਤੇ

ਪੈ.ਗਾਮ-ਏ-ਜਗਤ
ਅੰਬਾਲਾ, 16 ਨਵੰਬਰ (ਆਰ.ਸਿੰਘ)

ਇੰਡੀਅਨ ਨੈਸ਼ਨਲ ਲੋਕ ਦਲ (ਇਨੈਲੋ) ਨੇ ਹਰਿਆਣਾ ਵਿੱਚ ਆਪਣੇ ਸੰਗਠਨਾਂ ਤਮਕ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਰਾਜ ਦੇ ਸਾਰੇ ਜ਼ਿਲ੍ਹਿਆਂ ਲਈ ਸਹਿ-ਇੰਚਾਰਜ ਨਿਯੁਕਤ ਕੀਤੇ ਹਨ। ਇਸ ਸਬੰਧ ਵਿੱਚ ਅੰਬਾਲਾ ਜ਼ਿਲ੍ਹੇ ਦੀ ਮਹੱਤਵਪੂਰਨ ਜ਼ਿੰਮੇਵਾਰੀ ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਇਨੈਲੋ ਦੇ ਸੂਬਾ ਜਨਰਲ ਸਕੱਤਰ ਸ਼ੀਸ਼ਪਾਲ ਜੰਧੇੜੀ ਨੂੰ ਸੌਂਪੀ ਗਈ ਹੈ।

ਪਾਰਟੀ ਹਾਈਕਮਾਨ ਵੱਲੋਂ ਜਾਰੀ ਕੀਤੀ ਗਈ ਸੂਚੀ ਵਿੱਚ ਸ਼ੀਸ਼ਪਾਲ ਜੰਧੇੜੀ ਨੂੰ ਅੰਬਾਲਾ ਦੇ ਸਹਿ-ਇੰਚਾਰਜ ਵਜੋਂ ਐਲਾਨਣ ਨਾਲ ਸਥਾਨਕ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਅੰਬਾਲਾ ਜ਼ਿਲ੍ਹੇ ਭਰ ਦੇ ਇਨੈਲੋ ਅਹੁਦੇਦਾਰਾਂ ਅਤੇ ਵਰਕਰਾਂ ਨੇ ਇਸ ਨਿਯੁਕਤੀ ਦਾ ਸਵਾਗਤ ਕੀਤਾ ਹੈ ਅਤੇ ਪਾਰਟੀ ਦੀ ਉੱਚ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ। ਵਰਕਰਾਂ ਦਾ ਮੰਨਣਾ ਹੈ ਕਿ ਸ਼ੀਸ਼ਪਾਲ ਜੰਧੇੜੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਜੋਂ ਵਿਆਪਕ ਰਾਜਨੀਤਿਕ ਤਜਰਬੇ ਦਾ ਜ਼ਿਲ੍ਹੇ ਵਿੱਚ ਪਾਰਟੀ ਦੇ ਸਮਰਥਨ ਅਧਾਰ ਨੂੰ ਸਿੱਧਾ ਲਾਭ ਹੋਵੇਗਾ।



ਆਪਣੀ ਨਵੀਂ ਜ਼ਿੰਮੇਵਾਰੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਨਵ-ਨਿਯੁਕਤ ਜ਼ਿਲ੍ਹਾ ਸਹਿ-ਇੰਚਾਰਜ ਨੇ ਇਨੈਲੋ ਦੇ ਰਾਸ਼ਟਰੀ ਪ੍ਰਧਾਨ ਅਭੈ ਸਿੰਘ ਚੌਟਾਲਾ, ਸੂਬਾ ਪ੍ਰਧਾਨ ਰਾਮਪਾਲ ਮਾਜਰਾ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਜੰਧੇੜੀ ਨੇ ਕਿਹਾ ਕਿ ਉਹ ਪਾਰਟੀ ਦੀ ਉੱਚ ਲੀਡਰਸ਼ਿਪ ਵੱਲੋਂ ਉਨ੍ਹਾਂ 'ਤੇ ਕੀਤੇ ਗਏ ਭਰੋਸੇ ਅਤੇ ਅੰਬਾਲਾ ਜ਼ਿਲ੍ਹਾ ਸਹਿ-ਇੰਚਾਰਜ ਦੀ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਦਾ ਮੁੱਖ ਟੀਚਾ ਜ਼ਿਲ੍ਹੇ ਦੇ ਹਰ ਵਰਕਰ ਨਾਲ ਜੁੜਨਾ ਅਤੇ ਇਨੈਲੋ ਦੀਆਂ ਲੋਕ-ਪੱਖੀ ਨੀਤੀਆਂ ਨੂੰ ਜ਼ਿਲ੍ਹੇ ਦੇ ਹਰ ਪਿੰਡ, ਬੂਥ ਅਤੇ ਵਿਅਕਤੀ ਤੱਕ ਪਹੁੰਚਾਉਣਾ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਰਾਜ ਦੇ ਲੋਕ ਇਸ ਸਮੇਂ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ ਅਤੇ ਆਪਣੀ ਆਵਾਜ਼ ਬੁਲੰਦ ਕਰਨ ਦਾ ਇੱਕੋ ਇੱਕ ਮਜ਼ਬੂਤ ਵਿਕਲਪ ਇਨੈਲੋ ਹੈ। ਜੰਧੇੜੀ ਨੇ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਅੰਬਾਲਾ ਜ਼ਿਲ੍ਹੇ ਦੇ ਸਾਰੇ ਹਲਕਿਆਂ ਵਿੱਚ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ ਤਾਂ ਜੋ ਬੂਥ ਪੱਧਰ ਤੱਕ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

ਪੱਤਰਕਾਰਾਂ ਨੂੰ ਬਦਲਾਅ ਦੇ ਦੌਰ ਵਿੱਚੋਂ ਲੰਘਦੇ ਹੋਏ ਆਪਣੀ ਭਰੋਸੇਯੋਗਤਾ ਨੂੰ ਕਾਇਮ ਰੱਖਣਾ ਚਾਹੀਦਾ ਹੈ : ਡਾ. ਸੰਧੂ

ਪੈ.ਗਾਮ-ਏ-ਜਗਤ/ਕਰਨਾਲ
16 ਨਵੰਬਰ (ਪ੍ਰਵੀਨ ਵਾਲੀਆ)

- **ਕਰਨਾਲ ਵਿੱਚ ਅੱਜ ਮਨਾਇਆ ਗਿਆ ਰਾਸ਼ਟਰੀ ਪ੍ਰੈਸ ਦਿਵਸ, ਵੱਡੀ ਗਿਣਤੀ ਵਿੱਚ ਸ਼ਾਮਲ ਪੱਤਰਕਾਰ**



ਕਰਨਾਲ ਵਿੱਚ ਅੱਜ ਪੱਤਰਕਾਰਾਂ ਵੱਲੋਂ ਰਾਸ਼ਟਰੀ ਪ੍ਰੈਸ ਦਿਵਸ ਮਨਾਇਆ ਗਿਆ। ਇਸ ਮੌਕੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੱਤਰਕਾਰਾਂ ਦੇ ਸਾਹਮਣੇ ਚੁਣੌਤੀਆਂ ਅਤੇ ਪੱਤਰਕਾਰਾਂ ਨਾਲ ਪ੍ਰੈਸ ਕੌਂਸਲ ਦਾ ਰਿਸ਼ਤਾ ਵਰਗੇ ਵਿਸ਼ਿਆਂ 'ਤੇ ਚਰਚਾ ਕੀਤੀ ਗਈ।

ਇਸ ਮੌਕੇ ਡਾ. ਕੇ.ਕੇ ਸੰਧੂ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਮੁੱਖ ਤੌਰ 'ਤੇ ਸੀਨੀਅਰ ਪੱਤਰਕਾਰ ਸ਼ਿਵ ਕੁਮਾਰ ਸ਼ਰਮਾ, ਸ਼ੈਲੇਂਦਰ ਜੈਨ, ਯਸ਼ਪਾਲ ਕਾਦੀਆਨ, ਦੀਪਕ ਕਾਂਬੋਜ, ਬਿਸ਼ਨਪਾਲ ਰਾਣਾ, ਕਦਮ ਸਿੰਘ ਪਵਨ ਸ਼ਰਮਾ, ਸੀਨੀਅਰ ਪੱਤਰਕਾਰ ਡਾ. ਅਸ਼ੋਕ, ਕਦਮ ਸਿੰਘ, ਪੰਕਜ, ਪਲਵਿੰਦਰ ਸਿੰਘ ਸੱਗੂ, ਕਰਨ ਕੁਮਾਰ, ਰਾਕੇਸ਼ ਲਾਂਬਾ, ਸੰਦੀਪ ਰੋਹਿਲਾ, ਰਵਿੰਦਰ ਮਲਿਕ, ਪਰਮਜੀਤ ਕੌਰ, ਸੋਨੀ ਦੁਆ, ਪ੍ਰਵੀਨ, ਮੀਨਾਕਸ਼ੀ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਮੌਜੂਦ ਰਹੇ। ਪ੍ਰੋਗਰਾਮ ਵਿੱਚ ਪ੍ਰੈਸ ਦਿਵਸ ਦੀ ਚਰਚਾ ਕਰਦੇ ਹੋਏ ਡਾ. ਕੇ.ਕੇ ਸੰਧੂ ਨੇ ਕਿਹਾ ਕਿ ਪ੍ਰੈਸ ਦਿਵਸ 'ਤੇ ਨੈਸ਼ਨਲ ਪ੍ਰੈਸ ਕੌਂਸਲ ਆਫ ਇੰਡੀਆ ਦੀ ਸਥਾਪਨਾ 16 ਨਵੰਬਰ ਯਾਨੀ ਅੱਜ ਦੇ ਦਿਨ ਕੀਤੀ ਗਈ ਸੀ। ਤਦ ਤੋਂ ਹਰ ਸਾਲ ਪ੍ਰੈਸ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਪੱਤਰਕਾਰੀ ਦੇ ਸਾਹਮਣੇ ਆਉਣ ਵਾਲੀਆਂ ਚੁਣੌਤੀਆਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਪੱਤਰਕਾਰਾਂ ਨੂੰ ਬਦਲਾਅ ਦੇ ਦੌਰ ਵਿੱਚੋਂ ਲੰਘਦੇ ਹੋਏ ਆਪਣੀ ਭਰੋਸੇਯੋਗਤਾ ਨੂੰ ਕਾਇਮ ਰੱਖਣਾ ਚਾਹੀਦਾ ਹੈ।

ਇਸ ਮੌਕੇ ਸ਼ਿਵ ਕੁਮਾਰ ਸ਼ਰਮਾ ਨੇ ਕਿਹਾ ਕਿ ਪੱਤਰਕਾਰਾਂ ਨੂੰ ਅੱਜ ਪੁਰਾਣੇ ਮਾਣ ਨੂੰ ਸਾਂਭ ਕੇ ਰੱਖਣ ਦੀ ਲੋੜ ਹੈ। ਸਾਰੇ ਪੱਤਰਕਾਰ ਮਿਲ ਕੇ ਇਸ ਗੱਲ 'ਤੇ ਚਿੰਤਨ ਕਰਨ ਕਿ ਪੱਤਰਕਾਰੀ ਦੀ ਭਰੋਸੇਯੋਗਤਾ ਨੂੰ ਕਿਵੇਂ ਬਚਾਇਆ ਜਾ ਸਕਦਾ ਹੈ। ਜਦਕਿ ਸ਼ੈਲੇਂਦਰ ਜੈਨ ਨੇ ਕਿਹਾ ਕਿ ਪੱਤਰਕਾਰੀ ਦੇ ਬਦਲਦੇ ਦੌਰ ਵਿੱਚ ਸਭ ਤੋਂ ਵੱਡੀ ਪ੍ਰੀਖਿਆ ਪੱਤਰਕਾਰ ਦੇ ਸਾਹਮਣੇ ਮੌਲਿਕਤਾ ਦੀ ਹੈ। ਪੱਤਰਕਾਰ ਜੇ ਫੀਲਡ ਵਿੱਚ ਰਹਿ ਕੇ ਕੰਮ ਕਰੇਗਾ ਤਾਂ ਨਿਸ਼ਚਿਤ ਹੀ ਉਸਦਾ ਸਨਮਾਨ ਵਧੇਗਾ। ਪੱਤਰਕਾਰ ਨੂੰ ਸਾਰੇ ਵਿਕਾਰਾਂ ਤੋਂ ਦੂਰ ਰਹਿ ਕੇ ਸਭ ਨਾਲ ਬਰਾਬਰਤਾ ਦਾ ਵਿਹਾਰ ਕਰਨਾ ਚਾਹੀਦਾ ਹੈ। ਇਸ ਮੌਕੇ ਸਾਰੇ ਪੱਤਰਕਾਰਾਂ ਨੇ ਆਪਣੇ ਵਿਚਾਰ ਰੱਖੇ।

ਰਾਸ਼ਟਰੀ ਡੇਅਰੀ ਖੋਜ ਸੰਸਥਾਨ ਵਿੱਚ ਸੰਸਦ ਮੈਂਬਰ ਨਵੀਨ ਜਿੰਦਲ ਅਤੇ ਵਿਧਾਇਕ ਜਗਮੋਹਨ ਆਨੰਦ ਨੇ ਕੀਤਾ ਮਹੱਤਵਪੂਰਨ ਸੰਵਾਦ

ਪੈ.ਗਾਮ-ਏ-ਜਗਤ
ਕਰਨਾਲ (ਪ੍ਰਵੀਨ ਵਾਲੀਆ)

- **ਸੰਸਥਾਨ ਦੇ ਨਿਰਦੇਸ਼ਕ, ਵਿਗਿਆਨੀਆਂ ਅਤੇ ਸੀਨੀਅਰ ਅਧਿਕਾਰੀਆਂ ਨਾਲ ਕੀਤੀ ਮੁਲਾਕਾਤ**
- **ਡੇਅਰੀ ਖੇਤਰ ਵਿੱਚ ਖੋਜ, ਨਵੀਨਤਾ ਅਤੇ ਆਧੁਨਿਕ ਤਕਨੀਕਾਂ ਦੀ ਲਈ ਵਿਸਤ੍ਰਿਤ ਜਾਣਕਾਰੀ**

ਕੁਰੂਕਸ਼ੇਤਰ ਦੇ ਲੋਕਪ੍ਰਿਯ ਸੰਸਦ ਮੈਂਬਰ ਅਤੇ ਦੇਸ਼ ਦੇ ਮਸ਼ਹੂਰ ਉਦਯੋਗਪਤੀ ਸ਼੍ਰੀ ਨਵੀਨ ਜਿੰਦਲ ਜੀ ਅਤੇ ਕਰਨਾਲ ਦੇ ਵਿਧਾਇਕ ਜਗਮੋਹਨ ਆਨੰਦ ਜੀ ਨੇ ਕਰਨਾਲ ਸਥਿਤ ਰਾਸ਼ਟਰੀ ਡੇਅਰੀ ਖੋਜ ਸੰਸਥਾਨ ਦਾ ਦੌਰਾ ਕੀਤਾ।



ਦੌਰੇ ਦੌਰਾਨ ਨਵੀਨ ਜਿੰਦਲ ਅਤੇ ਜਗਮੋਹਨ ਆਨੰਦ ਨੇ ਸੰਸਥਾਨ ਦੇ ਨਿਰਦੇਸ਼ਕ ਡਾ. ਧੀਰ ਸਿੰਘ ਜੀ, ਵਿਗਿਆਨੀਆਂ ਅਤੇ ਸੀਨੀਅਰ ਅਧਿਕਾਰੀਆਂ ਨਾਲ ਵਿਸਤ੍ਰਿਤ ਸੰਵਾਦ ਕੀਤਾ। ਇਸ ਦੌਰਾਨ ਸੰਸਥਾਨ ਵੱਲੋਂ ਡੇਅਰੀ ਖੇਤਰ ਵਿੱਚ ਕੀਤੇ ਜਾ ਰਹੇ ਮਹੱਤਵਪੂਰਨ ਖੋਜ, ਨਵੀਨਤਾ, ਆਧੁਨਿਕ ਤਕਨੀਕਾਂ, ਪਸ਼ੂ ਪਾਲਣ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਅਤੇ ਵੱਖ-ਵੱਖ ਗਤੀਵਿਧੀਆਂ ਦੀ ਵਿਸਤ੍ਰਿਤ ਜਾਣਕਾਰੀ ਪ੍ਰਾਪਤ ਕੀਤੀ। ਮੀਟਿੰਗ ਵਿੱਚ ਡੇਅਰੀ ਖੇਤਰ ਵਿੱਚ ਵਿਗਿਆਨਕ ਖੋਜ ਦੀ ਭੂਮਿਕਾ, ਨਵੀਆਂ ਤਕਨੀਕਾਂ ਦੀ ਵਰਤੋਂ ਅਤੇ ਇਨ੍ਹਾਂ ਰਾਹੀਂ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਲਾਭ ਪਹੁੰਚਾਉਣ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਸਾਰਥਕ ਚਰਚਾ ਹੋਈ। ਇਸ

ਓ.ਐਫ.ਸੀ. ਕੈਨੇਡਾ ਦਾ ਪੰਜਾਬੀ ਮਾਤ ਭਾਸ਼ਾ ਨੂੰ ਸਮਰਪਿਤ ਪ੍ਰੋਗਰਾਮ ਤਾਰੀਫ਼ ਦੇ ਕਾਬਲ: ਡਾ. ਜੋਹਲ

ਪੈਗਾਮ-ਏ-ਜਗਤ/ਰਤੀਆ, 16 ਨਵੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਓਨਟਾਰੀਓ ਫਰੈਂਡਜ਼ ਕਲੱਬ, ਕੈਨੇਡਾ ਨੇ ਮਾਤ ਭਾਸ਼ਾ ਦੀ ਮਹੱਤਤਾ 'ਤੇ ਇੱਕ ਦਿਨ ਦਾ ਖਾਸ ਆਨਲਾਈਨ ਸਮਾਰੋਹ ਆਯੋਜਿਤ ਕੀਤਾ। ਪ੍ਰਸਿੱਧ ਵਿਦਵਾਨ ਡਾ. ਲਖਵਿੰਦਰ ਸਿੰਘ ਜੋਹਲ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਪ੍ਰੋਗਰਾਮ ਦੀ ਪ੍ਰਧਾਨਗੀ ਕਲੱਬ ਦੇ ਚੇਅਰਮੈਨ ਡਾ. ਰਵਿੰਦਰ ਸਿੰਘ ਕੰਗ ਨੇ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ ਵਿੱਚ, ਓ ਐਫ ਸੀ ਦੀ ਮਹਿਲਾ ਸੈੱਲ ਦੀ ਸਰਪ੍ਰਸਤ ਡਾ. ਕੰਵਲਦੀਪ ਕੌਰ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਡਾ. ਲਖਵਿੰਦਰ ਸਿੰਘ ਜੋਹਲ ਦੇ ਸਾਹਿਤਕ ਯੋਗਦਾਨ ਅਤੇ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ।



ਆਪਣੇ ਭਾਸ਼ਣ ਵਿੱਚ, ਮੁੱਖ ਮਹਿਮਾਨ ਡਾ. ਜੋਹਲ ਨੇ ਕਿਹਾ ਕਿ ਮਾਤ ਭਾਸ਼ਾ ਦੀ ਸੇਵਾ ਲਈ ਸ਼ਬਦਾਂ ਦੀ ਸੋਚ-ਸਮਝ ਕੇ ਚੋਣ, ਆਪਸੀ ਸਮਝ, ਸ਼ਬਦ-ਗੁਰੂ ਦੀ ਮਹਿਮਾ ਅਤੇ ਸੋਚ ਨੂੰ ਰਚਨਾਤਮਕਤਾ ਨਾਲ ਜੋੜਨ ਦਾ ਤਰੀਕਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਓ ਐਫ ਸੀ ਕੈਨੇਡਾ ਵੱਲੋਂ ਪੰਜਾਬੀ ਮਾਤ ਭਾਸ਼ਾ ਦੀ ਤਰੱਕੀ ਲਈ ਕੀਤੇ ਜਾ ਰਹੇ ਸੰਵਾਦਾਂ ਅਤੇ ਕੋਸ਼ਿਸ਼ਾਂ ਦੀ ਤਾਰੀਫ਼ ਕੀਤੀ ਅਤੇ ਕਿਹਾ ਕਿ ਹਰ ਪੰਜਾਬੀ ਨੂੰ ਆਪਣੀ ਮਾਤ ਭਾਸ਼ਾ ਦੀ ਹਿਫਾਜ਼ਤ ਅਤੇ ਤਰੱਕੀ ਲਈ ਆਪਣਾ ਬਣਦਾ ਯੋਗਦਾਨ ਜ਼ਰੂਰ ਦੇਣਾ ਚਾਹੀਦਾ ਹੈ।

ਇਸ ਮੌਕੇ 'ਤੇ ਡਾ. ਜੋਹਲ ਨੇ ਆਪਣੀ ਮਸ਼ਹੂਰ ਕਵਿਤਾ 'ਰੋਟੀ ਅਤੇ ਭਾਸ਼ਾ' ਦਾ ਜ਼ਿਕਰ ਕਰਦਿਆਂ ਆਪਣੀ ਮਸ਼ਹੂਰ ਰਚਨਾ 'ਦਿੱਲੀ' ਪੇਸ਼ ਕੀਤੀ, ਜਿਸ ਨੇ ਸੁਣਨ ਵਾਲਿਆਂ ਨੂੰ ਮੰਤਰਮੁਗਧ ਕਰ ਦਿੱਤਾ। ਉਨ੍ਹਾਂ ਦੀ ਕਵਿਤਾ ਵਿੱਚ ਭਾਸ਼ਾ, ਸਮਾਜ ਅਤੇ ਇਨਸਾਨੀ ਜ਼ਿੰਦਗੀ ਨਾਲ ਜੁੜੀਆਂ ਚਿੰਤਾਵਾਂ ਨੂੰ ਅਸਰਦਾਰ ਤਰੀਕੇ ਨਾਲ ਪੇਸ਼ ਕਰਨ ਨਾਲ ਇਸ ਪ੍ਰੋਗਰਾਮ ਵਿੱਚ ਇੱਕ ਖਾਸ ਸਾਹਿਤਕ ਰੰਗ ਭਰ ਗਿਆ।

ਕਲੱਬ ਦੇ ਚੇਅਰਮੈਨ ਡਾ. ਰਵਿੰਦਰ ਸਿੰਘ ਕੰਗ ਅਤੇ ਭਾਰਤ ਵਿੰਗ ਦੇ ਪ੍ਰਧਾਨ ਡਾ. ਨੈਬ ਸਿੰਘ ਮੰਡੇਰ ਨੇ ਪੰਜਾਬੀ ਸਾਹਿਤ ਦੀ ਤਰੱਕੀ ਲਈ ਡਾ. ਜੋਹਲ ਦੀ ਸਾਹਿਤਕ ਸੇਵਾ ਅਤੇ ਯੋਗਦਾਨ ਦੀ ਬਹੁਤ ਤਾਰੀਫ਼ ਕੀਤੀ।

ਇਵੈਂਟ ਦਾ ਸਟੇਜ ਸੰਭਾਲਦਿਆਂ ਡਾ. ਸਤਿੰਦਰਜੀਤ ਕੌਰ ਬੁੱਟਰ ਨੇ 'ਅਰਸ਼ੀ ਕਲਮ' ਫੈਸਟੀਵਲ ਨੂੰ ਮਾਤ ਭਾਸ਼ਾ ਪੰਜਾਬੀ ਦੇ ਨਾਂ ਸਮਰਪਿਤ ਕੀਤਾ ਅਤੇ ਵੱਖ-ਵੱਖ ਕਵੀਆਂ ਅਤੇ ਲੇਖਕਾਂ ਨੂੰ ਆਪਣੀਆਂ ਰਚਨਾਵਾਂ ਪੇਸ਼ ਕਰਨ ਲਈ ਬੁਲਾਇਆ। ਇਸ ਦੌਰਾਨ ਸੁਖਦੇਵ ਸਿੰਘ ਗੰਡਵਾ, ਸਰਦੂਲ ਸਿੰਘ ਭੱਲਾ, ਗੁਰਚਰਨ ਸਿੰਘ ਜੋਗੀ, ਡਾ. ਵੀਨਾ ਮਸਵਾਨ, ਅਮਰ ਕੌਰ ਬੇਦੀ, ਭੁਪਿੰਦਰ ਕੌਰ ਭੂਪਾਲ, ਅਨੀਮੇਸ਼ਵਰ ਕੌਰ, ਜਸ਼ਨਦੀਪ ਕੌਰ ਸਿੱਧੂ, ਪ੍ਰਕਾਸ਼ ਕੌਰ ਪਾਸ਼ਾ, ਸੰਦੀਪ ਕੌਰ, ਪਰਵਿੰਦਰ ਕੌਰ ਸੁੱਖ, ਕੁਲਵਿੰਦਰ ਗਾਖਲ ਅਤੇ ਡਾ. ਸਤਿੰਦਰ ਬੁੱਟਰ ਨੇ ਆਪਣੀਆਂ ਕਵਿਤਾਵਾਂ ਰਾਹੀਂ ਪ੍ਰੋਗਰਾਮ ਨੂੰ ਸਾਹਿਤਕ ਰੰਗਾਂ ਵਿੱਚ ਰੰਗ ਦਿੱਤਾ। ਅਖੀਰ ਵਿੱਚ ਕਲੱਬ ਦੀ ਕੋਆਰਡੀਨੇਟਰ ਡਾ. ਪਵਨਜੀਤ ਕੌਰ ਨਾਭਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਡਾ. ਰਵਿੰਦਰ ਭਾਟੀਆ ਸਮੇਤ ਦੇਸ਼-ਵਿਦੇਸ਼ ਤੋਂ ਕਈ ਵਿਦਵਾਨ ਅਤੇ ਸਾਹਿਤ ਪ੍ਰੇਮੀ ਆਨਲਾਈਨ ਜੁੜੇ।

ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਵੈ-ਗਣਨਾ ਪ੍ਰਕਿਰਿਆ ਮੁਕੰਮਲ ਕੀਤੀ

- ਵਿਧਾਇਕ ਵੱਲੋਂ ਹਲਕਾ ਡੇਰਾਬੱਸੀ ਦੇ ਵਸਨੀਕਾਂ ਨੂੰ 30 ਨਵੰਬਰ ਤੱਕ ਆਨਲਾਈਨ ਸਵੈ-ਗਣਨਾ ਕਰਨ ਦੀ ਅਪੀਲ

ਡੇਰਾਬੱਸੀ/ਐੱਸ.ਏ.ਐੱਸ. ਨਗਰ, 16 ਨਵੰਬਰ (ਪੈ.ਗਾਮ-ਏ-ਜਗਤ)

ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਆਬਾਦੀ ਦੀ ਗਣਨਾ ਦੀ ਸ਼ੁਰੂਆਤ ਮੌਕੇ ਹਲਕਾ ਡੇਰਾਬੱਸੀ ਦੇ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਅੱਜ ਆਪਣੇ ਜੱਦੀ ਪਿੰਡ ਬਾਕਰਪੁਰ ਟੈਂਕੀ ਵਿਖੇ ਡਿਜੀਟਲ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਦੀ ਪ੍ਰਕਿਰਿਆ ਮੁਕੰਮਲ ਕੀਤੀ। ਤਹਿਸੀਲ ਡੇਰਾਬੱਸੀ ਦੇ ਪ੍ਰਸ਼ਾਸਨ ਵੱਲੋਂ ਸਵੈ-ਗਣਨਾ ਮੁਹਿੰਮ ਤਹਿਤ ਇਹ ਪ੍ਰਕਿਰਿਆ ਅੱਜ ਸਵੇਰੇ ਨੇਪਰੇ ਚਾੜ੍ਹੀ ਗਈ।

ਇਸ ਮੌਕੇ ਫੀਲਡ ਟ੍ਰੇਨਰ ਸ੍ਰੀਮਤੀ ਰੁਚੀ ਸ਼ਰਮਾ, ਅੰਗਰੇਜ਼ੀ ਲੈਕਚਰਾਰ, ਪੀ.ਐੱਮ. ਸ੍ਰੀ ਮੁਬਾਰਕਪੁਰ ਸਕੂਲ ਅਤੇ ਐਨੂਮਰੇਟਰ ਸ੍ਰੀ ਜਸਵਿੰਦਰ ਸਿੰਘ, ਸਾਇੰਸ ਮਾਸਟਰ, ਜਜ਼ੈਂਤ ਵੱਲੋਂ ਤਕਨੀਕੀ ਸਹਿਯੋਗ ਦਿੱਤਾ ਗਿਆ। ਸਵੈ-ਗਣਨਾ ਮੁਕੰਮਲ ਕਰਨ ਉਪਰੰਤ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਹਲਕਾ ਡੇਰਾਬੱਸੀ ਸਮੇਤ ਜ਼ਿਲ੍ਹੇ ਦੇ ਸਮੂਹ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ 16 ਤੋਂ 30 ਨਵੰਬਰ 2026 ਤੱਕ ਚੱਲਣ ਵਾਲੀ ਸਵੈ-ਗਣਨਾ ਪ੍ਰਕਿਰਿਆ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਘਰ ਬੈਠੇ ਹੀ ਸਰਕਾਰੀ ਡਿਜੀਟਲ ਪੋਰਟਲ https://se.census.gov.in ਰਾਹੀਂ



ਆਪਣੇ ਪਰਿਵਾਰ ਅਤੇ ਘਰ ਸਬੰਧੀ ਵੇਰਵੇ ਦਰਜ ਕਰਨ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਅੰਕੜੇ ਦੇਸ਼ ਅਤੇ ਸੂਬੇ ਦੀਆਂ ਭਵਿੱਖੀ ਵਿਕਾਸ ਯੋਜਨਾਵਾਂ, ਬੁਨਿਆਦੀ ਢਾਂਚੇ ਦੇ ਵਿਸਥਾਰ ਅਤੇ ਲੋਕ ਭਲਾਈ ਦੀਆਂ ਨੀਤੀਆਂ ਤਿਆਰ ਕਰਨ ਲਈ ਬੇਹੱਦ ਮਹੱਤਵਪੂਰਨ ਹਨ। ਇਸ ਲਈ ਹਰੇਕ ਨਾਗਰਿਕ ਦੀ ਸ਼ਮੂਲੀਅਤ ਅਤੇ ਸਹੀ ਜਾਣਕਾਰੀ ਦਰਜ ਕਰਵਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਵੈ-ਗਣਨਾ ਦੀ ਸਹੂਲਤ ਨਾਲ ਲੋਕ ਘਰ ਬੈਠੇ ਹੀ ਆਸਾਨੀ ਨਾਲ ਆਪਣੀ ਜਾਣਕਾਰੀ ਦਰਜ ਕਰਵਾ ਸਕਦੇ ਹਨ। ਵਿਧਾਇਕ ਨੇ ਇਹ ਵੀ ਅਪੀਲ ਕੀਤੀ ਕਿ ਆਨਲਾਈਨ ਸਵੈ-ਗਣਨਾ ਮੁਕੰਮਲ ਕਰਨ ਉਪਰੰਤ ਪ੍ਰਾਪਤ ਹੋਣ ਵਾਲੀ ਸਵੈ-ਗਣਨਾ ਆਈ.ਡੀ. ਨੂੰ ਸੰਭਾਲ ਕੇ ਰੱਖਿਆ ਜਾਵੇ, ਕਿਉਂਕਿ ਦਸੰਬਰ ਮਹੀਨੇ ਵਿੱਚ ਘਰ-ਘਰ ਆਉਣ ਵਾਲੇ ਗਣਨਾਕਾਰਾਂ ਵੱਲੋਂ ਜਾਣਕਾਰੀ ਦੀ ਤਸਦੀਕ ਸਮੇਂ ਇਸ ਦੀ ਲੋੜ ਪਵੇਗੀ। ਉਨ੍ਹਾਂ ਸਮੂਹ ਨਾਗਰਿਕਾਂ ਨੂੰ ਇਸ ਕੌਮੀ ਮਹੱਤਵ ਦੇ ਕਾਰਜ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਹੀ ਜਨਗਣਨਾ, ਬਿਹਤਰ ਯੋਜਨਾਬੰਦੀ ਅਤੇ ਸਰਬਪੱਖੀ ਵਿਕਾਸ ਦੀ ਮਜ਼ਬੂਤ ਨੀਂਹ ਹੈ।

ਸਤਲੁਜ ਕੰਢੇ ਡੁੱਬਦੇ ਸੂਰਜ ਨੂੰ ਦਿੱਤਾ ਪਹਿਲਾ ਅਰਘ, ਮਾਵਾਂ ਦੇ 36 ਘੰਟੇ ਦੇ ਨਿਰਜਲ ਵਰਤ ਨੇ ਜਿੱਤਿਆ ਸਭ ਦਾ ਮਨ, ਛੱਠ ਮਈਆ ਦੇ ਜੈਕਾਰਿਆਂ ਨਾਲ ਗੂੰਜਿਆ ਬਲਾਚੌਰ

- ਪ੍ਰਵਾਸੀ ਭਾਈਚਾਰੇ ਦੀ ਆਸਥਾ ਨੇ ਪੰਜਾਬ ਦੀ ਮਿੱਟੀ ਨਾਲ ਜੋੜਿਆ ਬਿਹਾਰ-ਯੂ.ਪੀ. ਦਾ ਸੱਭਿਆਚਾਰ, ਪੰਜ ਪਿੰਡਾਂ ਦੇ ਇੱਕੋ ਘਾਟ ਤੇ ਇਕੱਠੇ ਹੋਏ ਹਜ਼ਾਰਾਂ ਸ਼ਰਧਾਲੂ

ਪੈ.ਗਾਮ-ਏ-ਜਗਤ ਨਵਾਂਸ਼ਹਿਰ/ਕਾਠਗੜ੍ਹ, (ਜਤਿੰਦਰਪਾਲ ਸਿੰਘ ਕਲੇਰ)

ਜਦੋਂ ਸਤਲੁਜ ਦਰਿਆ ਦੇ ਕੰਢੇ ਸ਼ਾਮ ਦੀ ਲਾਲੀ ਫੈਲੀ ਤਾਂ ਸਾਰਾ ਬਲਾਚੌਰ ਇਲਾਕਾ ਛੱਠ ਮਈਆ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਪ੍ਰੇਮ ਨਗਰ, ਆਸਰੋਂ, ਰੈਲ ਮਾਜਰਾ, ਟੌਂਸਾ ਅਤੇ ਬਨਾਂ ਦੇ ਨਹਿਰ ਦੇ ਕਿਨਾਰੇ ਘਾਟਾਂ ਤੇ ਇਸ ਵਾਰ ਨਜ਼ਾਰਾ ਕੁਝ ਵੱਖਰਾ ਹੀ ਸੀ। ਡੁੱਬਦੇ ਸੂਰਜ ਨੂੰ ਅਰਘ ਦੇਣ ਲਈ ਸੈਂਕੜੇ ਮਾਵਾਂ-ਭੈਣਾਂ 36 ਘੰਟੇ ਦੇ ਨਿਰਜਲ ਵਰਤ ਨਾਲ, ਪੀਲੀ ਸਾੜ੍ਹੀ, ਸਿੰਦੂਰ ਅਤੇ ਹੱਥਾਂ ਵਿੱਚ ਬਾਂਸ ਦੀ ਟੋਕਰੀ ਵਿੱਚ ਠੇਕੁਆ, ਫਲ ਅਤੇ ਗੰਨਾ ਲੈ ਕੇ ਦਰਿਆ ਵਿੱਚ ਉਤਰੀਆਂ ਤਾਂ ਮਾਹੌਲ ਪੂਰੀ ਤਰ੍ਹਾਂ ਭਗਤੀਮਈ ਹੋ ਗਿਆ। ਜਾਣਕਾਰੀ ਦਿੰਦਿਆਂ ਸੁਰਿੰਦਰ ਛਿੰਦਾ ਪ੍ਰਧਾਨ ਨੇ ਦੱਸਿਆ ਕਿ ਇਹ ਕੋਈ ਸਿਰਫ਼ ਪੂਜਾ ਨਹੀਂ, ਇਹ ਮਾਂ ਦੀ ਮਮਤਾ ਦੀ ਸਭ ਤੋਂ ਵੱਡੀ ਪ੍ਰੀਖਿਆ ਹੈ। ਇੱਕ ਮਾਂ ਆਪਣੇ ਬੱਚਿਆਂ ਦੀ ਲੰਮੀ ਉਮਰ, ਚੰਗੀ ਸਿਹਤ ਅਤੇ ਪਰਿਵਾਰ ਦੀ ਖੁਸ਼ਹਾਲੀ ਲਈ ਬਿਨਾਂ ਅੰਨ-ਜਲ



ਦੇ 36 ਘੰਟੇ ਖੜ੍ਹੀ ਰਹਿੰਦੀ ਹੈ। ਇਹੀ ਆਸਥਾ ਅੱਜ ਪੰਜਾਬ ਦੀ ਧਰਤੀ ਤੇ ਬਿਹਾਰ ਅਤੇ ਉੱਤਰ ਪ੍ਰਦੇਸ਼ ਦੇ ਪ੍ਰਵਾਸੀ ਭਾਈਚਾਰੇ ਨੂੰ ਆਪਣੀਆਂ ਜੜ੍ਹਾਂ ਨਾਲ ਜੋੜੀ ਹੋਈ ਹੈ।

ਸਮਾਗਮ ਦੇ ਪ੍ਰਬੰਧਾਂ ਦੀ ਅਗਵਾਈ ਸੰਜੀਵ ਸੋਨੂੰ ਪ੍ਰਧਾਨ ਪ੍ਰੇਮ ਨਗਰ ਨੇ ਕੀਤੀ। ਉਨ੍ਹਾਂ ਨਾਲ ਗੁਲਾਬ ਸਿੰਘ ਰਾਣਾ, ਰਵੀ ਸ਼ੰਕਰ, ਪ੍ਰੇਮ ਸ਼ੰਕਰ ਗੁਪਤਾ, ਜੁਗਨੂੰ ਕੁਮਾਰ, ਚੰਦਨ ਕੁਮਾਰ, ਸ਼ਿਵ ਨੰਦਨ ਯਾਦਵ ਅਤੇ ਅਮੋਦ ਰਾਣਾ ਨੇ ਦਿਨ-ਰਾਤ ਸੇਵਾ ਨਿਭਾਈ। ਦਰਿਆ ਕੰਢੇ ਰੌਸ਼ਨੀ, ਸਾਊਂਡ ਅਤੇ ਸਫਾਈ ਦੇ ਖਾਸ ਪ੍ਰਬੰਧ ਕੀਤੇ ਗਏ ਸਨ। ਠੰਢੀ ਰਾਤ ਵਿੱਚ ਸ਼ਰਧਾਲੂਆਂ ਲਈ ਚਾਹ-ਪਕੌੜਿਆਂ ਦਾ ਲੰਗਰ ਚੱਲਦਾ ਰਿਹਾ, ਜਿੱਥੇ ਪੰਜਾਬੀ ਅਤੇ ਪ੍ਰਵਾਸੀ ਭਾਈਚਾਰੇ ਦੇ ਲੋਕ ਇੱਕੋ ਪੰਗਤ ਵਿੱਚ ਬੈਠੇ ਨਜ਼ਰ ਆਏ। ਇਹੀ ਇਸ ਤਿਉਹਾਰ ਦੀ ਸਭ ਤੋਂ ਵੱਡੀ ਖੂਬਸੂਰਤੀ ਸੀ।

ਸੰਜੀਵ ਸੋਨੂੰ ਨੇ ਕਿਹਾ ਕਿ ਛੱਠ ਪੂਜਾ ਸਿਰਫ਼ ਇੱਕ ਵਰਤ ਨਹੀਂ, ਇਹ ਪਰਿਵਾਰਕ ਸਾਂਝ, ਸੱਭਿਆਚਾਰਕ ਵਿਰਾਸਤ ਅਤੇ ਕੁਦਰਤ ਪ੍ਰਤੀ ਸ਼ਰਧਾ ਦਾ ਪ੍ਰਤੀਕ ਹੈ। ਸੂਰਜ ਦੇਵਤਾ ਨੂੰ ਅਰਘ ਦੇਣ ਦੀ ਇਹ ਪਰੰਪਰਾ ਸਾਨੂੰ ਸਿਖਾਉਂਦੀ ਹੈ ਕਿ ਡੁੱਬਦਾ ਸੂਰਜ ਵੀ ਪੂਜਣਯੋਗ ਹੈ, ਹਾਰ ਵੀ ਸਤਿਕਾਰਯੋਗ ਹੈ। ਇਸੇ ਲਈ ਇਹ ਤਿਉਹਾਰ ਅੱਜ ਦੇਸ਼-ਵਿਦੇਸ਼ ਵਿੱਚ ਵੱਸਦੇ ਹਰ ਭਾਰਤੀ ਦੇ ਦਿਲ ਵਿੱਚ ਵਸਿਆ ਹੋਇਆ ਹੈ।

ਦੇਰ ਰਾਤ ਤੱਕ ਘਾਟਾਂ ਤੇ ਛੱਠੀ ਮਈਆ ਦੇ ਗੀਤ ਗੂੰਜਦੇ ਰਹੇ ਅਤੇ ਸਵੇਰੇ ਉੱਗਦੇ ਸੂਰਜ ਨੂੰ ਦੂਜਾ ਅਰਘ ਦੇ ਕੇ ਸ਼ਰਧਾਲੂਆਂ ਨੇ ਆਪਣਾ ਵਰਤ ਸੰਪੂਰਨ ਕੀਤਾ।

ਛੱਠ ਪੂਜਾ ਮੌਕੇ ਵੱਖ-ਵੱਖ ਥਾਵਾਂ 'ਤੇ ਪਹੁੰਚੇ ਪਰਮਿੰਦਰ ਸਿੰਘ ਗੋਲਡੀ, ਸ਼ਰਧਾਲੂਆਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ

ਪੈ.ਗਾਮ-ਏ-ਜਗਤ ਖਰੜ/(ਦਵਿੰਦਰ ਕੌਰ)

ਆਮ ਆਦਮੀ ਪਾਰਟੀ ਵੱਲੋਂ ਹਲਕਾ ਖਰੜ ਤੋਂ ਵਿਧਾਨ ਸਭਾ ਉਮੀਦਵਾਰ ਐਲਾਨੇ ਗਏ ਹਲਕਾ ਖਰੜ ਦੇ ਇੰਚਾਰਜ ਅਤੇ ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ. ਪਰਮਿੰਦਰ ਸਿੰਘ ਗੋਲਡੀ ਵੱਲੋਂ ਛੱਠ ਪੂਜਾ ਦੇ ਪਵਿੱਤਰ ਤਿਉਹਾਰ ਮੌਕੇ ਖਰੜ ਅਤੇ ਕੁਰਾਲੀ ਵਿਖੇ ਕਰਵਾਏ ਗਏ ਧਾਰਮਿਕ ਸਮਾਗਮਾਂ ਵਿੱਚ ਸ਼ਿਰਕਤ ਕੀਤੀ ਗਈ ਅਤੇ ਸ਼ਰਧਾਲੂਆਂ ਨੂੰ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

15 ਨਵੰਬਰ ਨੂੰ ਮਿਥਿਲਾ ਛੱਠ ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਸ. ਪਰਮਿੰਦਰ ਸਿੰਘ ਗੋਲਡੀ ਖਰੜ ਦੇ ਮਹਾਰਾਜਾ ਅੱਜ ਸਰੋਵਰ ਵਿਖੇ ਪਹੁੰਚੇ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਪਰਿਵਾਰਾਂ ਵੱਲੋਂ ਸ਼ਾਮ ਸਮੇਂ ਡੁੱਬਦੇ ਸੂਰਜ ਨੂੰ



ਅਰਘ ਭੇਟ ਕੀਤਾ ਗਿਆ। ਸ਼ਰਧਾਲੂਆਂ ਨੇ ਫਲਾਂ, ਮਠਿਆਈਆਂ ਅਤੇ ਹੋਰ ਪੂਜਾ ਸਮੱਗਰੀ ਨਾਲ ਸੂਰਜ ਦੇਵਤਾ ਦੀ ਪੂਜਾ ਕਰਦਿਆਂ ਆਪਣੇ ਪਰਿਵਾਰਾਂ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਕਾਮਨਾ ਕੀਤੀ। ਇਸੇ ਤਰ੍ਹਾਂ 16 ਨਵੰਬਰ ਨੂੰ ਸ. ਪਰਮਿੰਦਰ ਸਿੰਘ ਗੋਲਡੀ ਕੁਰਾਲੀ ਅਤੇ ਨਯਾਗਾਓਂ ਵਿਖੇ ਕਰਵਾਏ ਗਏ ਛੱਠ ਪੂਜਾ ਦੇ ਧਾਰਮਿਕ ਸਮਾਗਮਾਂ ਵਿੱਚ ਸ਼ਾਮਲ ਹੋਏ। ਇਸ ਦਿਨ ਸਵੇਰੇ ਤੜਕਸਾਰ ਸ਼ਰਧਾਲੂਆਂ ਵੱਲੋਂ ਚੜ੍ਹਦੇ ਸੂਰਜ ਨੂੰ ਅਰਘ ਭੇਟ ਕਰਕੇ ਪੂਜਾ-ਅਰਚਨਾ ਕੀਤੀ ਗਈ। ਪੂਜਾ ਸੰਪੰਨ ਹੋਣ ਉਪਰੰਤ ਸ਼ਰਧਾਲੂਆਂ ਨੇ ਆਪਣਾ 36 ਘੰਟਿਆਂ ਦਾ ਵਰਤ ਖੋਲ੍ਹਿਆ ਅਤੇ ਪ੍ਰਸ਼ਾਦ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਪਰਮਿੰਦਰ ਸਿੰਘ ਗੋਲਡੀ ਨੇ ਛੱਠ ਪੂਜਾ ਦੀਆਂ ਸਮੂਹ ਸ਼ਰਧਾਲੂਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਛੱਠ ਪੂਜਾ ਆਸਥਾ, ਸ਼ਰਧਾ ਅਤੇ ਕੁਦਰਤ ਪ੍ਰਤੀ ਸਤਿਕਾਰ ਦਾ ਪ੍ਰਤੀਕ ਹੈ। ਅਜਿਹੇ ਧਾਰਮਿਕ ਤਿਉਹਾਰ ਸਾਨੂੰ ਆਪਸੀ ਪਿਆਰ, ਭਾਈਚਾਰਕ ਸਾਂਝ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੇ ਹਨ। ਉਨ੍ਹਾਂ ਨੇ ਸਮੂਹ ਪਰਿਵਾਰਾਂ ਦੀ ਤੰਦਰੁਸਤੀ, ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵੱਖ-ਵੱਖ ਆਗੂ, ਅਹੁਦੇਦਾਰ ਅਤੇ ਵਰਕਰ ਵੀ ਸ. ਪਰਮਿੰਦਰ ਸਿੰਘ ਗੋਲਡੀ ਦੇ ਨਾਲ ਮੌਜੂਦ ਰਹੇ ਅਤੇ ਉਨ੍ਹਾਂ ਨੇ ਸ਼ਰਧਾਲੂਆਂ ਨਾਲ ਮਿਲ ਕੇ ਛੱਠ ਪੂਜਾ ਦੇ ਸਮਾਗਮਾਂ ਵਿੱਚ ਸ਼ਿਰਕਤ ਕੀਤੀ।

ਪੀ.ਜੀ.ਆਈ.ਐੱਮ. ਚੰਡੀਗੜ੍ਹ ਵੱਲੋਂ ਆਯੁਸ਼ਮਾਨ ਭਾਰਤ ਦੇ ਲਾਭਪਾਤਰੀਆਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਹੱਲ ਲਈ 'ਆਯੁਸ਼ਸਾਥੀ' ਦੀ ਸ਼ੁਰੂਆਤ

- 50 ਫ਼ੀਸਦੀ ਸ਼ਿਕਾਇਤਾਂ ਦਾ ਦੋ ਘੰਟਿਆਂ ਵਿੱਚ ਹੱਲ, ਲਗਭਗ ਸਾਰੀਆਂ ਸ਼ਿਕਾਇਤਾਂ 24 ਘੰਟਿਆਂ ਅੰਦਰ ਨਿਪਟਾਈਆਂ

ਚੰਡੀਗੜ੍ਹ, 16 ਨਵੰਬਰ (ਪੈ.ਗਾਮ-ਏ-ਜਗਤ)

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਚੰਡੀਗੜ੍ਹ ਵੱਲੋਂ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਦੇ ਲਾਭਪਾਤਰੀਆਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਹੱਲ ਲਈ 'ਆਯੁਸ਼ਸਾਥੀ' ਨਾਮਕ ਡਿਜੀਟਲ ਪਹਿਲ ਦਾ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ

ਸੜਕਾਂ ਦੇ ਨਿਰਮਾਣ ਵਿੱਚ ਵਰਤੀ ਜਾਣ ਵਾਲੀ ਸਮੱਗਰੀ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ : ਹਰਪਾਲ ਸਿੰਘ ਚੀਮਾ

ਦ੍ਰਿੜ੍ਹਬਾ, 16 ਨਵੰਬਰ (ਪੈ.ਗਾਮ-ਏ-ਜਗਤ)

- 1 ਕਰੋੜ 30 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ ਹੈ ਕਰੀਬ ਦੋ ਕਿਲੋਮੀਟਰ ਲੰਬੀ ਸੜਕ



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਧਾਨ ਸਭਾ ਹਲਕੇ ਦੇ ਪਿੰਡ ਢੰਡਿਆਲ ਵਿਖੇ ਪਹੁੰਚ ਕੇ ਢੰਡਿਆਲ ਤੋਂ ਚੁਨਾਗਰਾ ਤੱਕ ਬਣ ਰਹੀ ਸੜਕ ਦਾ ਜਾਇਜ਼ਾ ਲਿਆ। ਉਨ੍ਹਾਂ ਮੌਕੇ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਵੇਖਿਆ ਅਤੇ ਕਿਹਾ ਕਿ ਸੜਕਾਂ ਦੀ ਉਸਾਰੀ ਵਿੱਚ ਵਰਤੀ ਜਾਣ ਵਾਲੀ ਸਮੱਗਰੀ ਦੀ ਗੁਣਵੱਤਾ ਨਾਲ ਕਿਸੇ ਵੀ ਪੱਧਰ 'ਤੇ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕਰੀਬ ਦੋ ਕਿਲੋਮੀਟਰ ਲੰਬੀ ਇਹ ਸੜਕ 1 ਕਰੋੜ 30 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਜਾ ਰਹੀ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਉਹ ਪਿੰਡਾਂ ਵਿੱਚ ਚੱਲ ਰਹੇ ਸੜਕੀ ਕੰਮਾਂ ਸਬੰਧੀ ਮੌਕਿਆਂ 'ਤੇ ਖ਼ੁਦ ਜਾ ਕੇ ਪ੍ਰਗਤੀ ਅਤੇ ਵਰਤੀ ਜਾ ਰਹੀ ਸਮੱਗਰੀ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਸਰਪੰਚਾਂ ਅਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਚੱਲ ਰਹੇ ਸੜਕੀ ਕੰਮਾਂ 'ਤੇ ਨਜ਼ਰ ਰੱਖਣ। ਜੇਕਰ ਕਿਸੇ ਥਾਂ ਗ਼ੈਰ-ਮਿਆਰੀ ਸਮੱਗਰੀ ਦੀ ਵਰਤੋਂ ਜਾਂ ਕੰਮ ਵਿੱਚ ਕੋਈ ਊਣਤਾਈ ਸਾਹਮਣੇ ਆਉਂਦੀ ਹੈ ਤਾਂ ਤੁਰੰਤ ਸਬੰਧਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੁਤਾਹੀ ਪਾਏ ਜਾਣ 'ਤੇ ਜ਼ਿੰਮੇਵਾਰ ਵਿਅਕਤੀ ਜਾਂ ਅਧਿਕਾਰੀ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

ਚੀਮਾ ਨੇ ਦੱਸਿਆ ਕਿ ਢੰਡਿਆਲ ਅਤੇ ਨੇੜਲੇ ਪਿੰਡਾਂ ਦੀ ਸੜਕੀ ਸੰਪਰਕ ਵਿਵਸਥਾ ਸੁਧਾਰਨ ਲਈ ਕਈ ਸੜਕਾਂ 'ਤੇ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਢੰਡਿਆਲ ਤੋਂ ਸ਼ਾਦੀਹਰੀ ਤੱਕ ਸੜਕ ਲਈ 1 ਕਰੋੜ 36 ਲੱਖ ਰੁਪਏ, ਰਾਏਧਰਾਣਾ ਤੋਂ ਢੰਡਿਆਲ ਤੱਕ ਸੜਕ ਲਈ 3 ਕਰੋੜ 78 ਲੱਖ ਰੁਪਏ, ਢੰਡਿਆਲ ਤੋਂ ਹਰਿਆਊ ਤੱਕ ਸੜਕ ਲਈ 1 ਕਰੋੜ 88 ਲੱਖ ਰੁਪਏ ਅਤੇ ਢੰਡਿਆਲ ਤੋਂ ਨਿਹਾਲਗੜ੍ਹ ਤੱਕ ਸੜਕ ਲਈ 3 ਕਰੋੜ 75 ਲੱਖ ਰੁਪਏ ਦੀ ਲਾਗਤ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਨਾਲ ਪਿੰਡਾਂ ਦੀ ਆਪਸੀ ਆਵਾਜਾਈ ਸੁਖਾਲੀ ਹੋਵੇਗੀ।

ਵਿੱਤ ਮੰਤਰੀ ਨੇ ਕਿਹਾ ਕਿ ਦਿੜ੍ਹਬਾ ਹਲਕੇ ਵਿੱਚ 76 ਕੱਚੇ ਰਸਤਿਆਂ ਨੂੰ ਪੱਕੀਆਂ ਸੜਕਾਂ ਵਿੱਚ ਤਬਦੀਲ ਕਰਕੇ ਪਿੰਡਾਂ ਦੀ ਆਪਸੀ ਸੰਪਰਕ ਵਿਵਸਥਾ ਮਜ਼ਬੂਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਕਰੀਬ 45 ਹਜ਼ਾਰ ਕਿਲੋਮੀਟਰ ਨਵੀਆਂ ਸੜਕਾਂ ਬਣਾਈਆਂ ਗਈਆਂ ਹਨ ਅਤੇ ਮੌਜੂਦਾ ਸੜਕਾਂ ਨੂੰ ਅਪਗ੍ਰੇਡ ਕਰਨ ਦਾ ਕੰਮ ਵੀ ਕੀਤਾ ਜਾ ਰਿਹਾ ਹੈ।

ਢੰਡਿਆਲ ਵਿੱਚ ਹੋਏ ਹੋਰ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਸ੍ ਚੀਮਾ ਨੇ ਦੱਸਿਆ ਕਿ ਪਿੰਡ ਦੀਆਂ ਗਲੀਆਂ ਅਤੇ ਨਾਲੀਆਂ ਦੇ ਕੰਮਾਂ 'ਤੇ ਕਰੋੜਾਂ ਰੁਪਏ ਖ਼ਰਚੇ ਗਏ ਹਨ ਅਤੇ ਸਕੂਲ ਦੀ ਇਮਾਰਤ ਨੂੰ ਵੀ ਅਪਗ੍ਰੇਡ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹਰ ਤੀਜੇ ਪਿੰਡ ਵਿੱਚ ਵੱਡਾ ਸਟੇਡੀਅਮ ਬਣਾਉਣ ਦਾ ਉਪਰਾਲਾ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤਾ ਗਿਆ ਹੈ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

ਰੋੜਾ ਵਿੱਚ 3.50 ਕਰੋੜ ਰੁਪਏ ਦੀ ਲਾਗਤ ਨਾਲ ਬਣੇਗਾ ਵੀਰ ਸੈਨਿਕ ਕਮਿਊਨਿਟੀ ਭਵਨ

ਊਨਾ, 15 ਨਵੰਬਰ (ਪੈ.ਗਾਮ-ਏ-ਜਗਤ)

- ਹਰੋਲੀ ਦੇ ਵਿਕਾਸ ਮਾਰਗ 'ਤੇ ਤੇਜ਼ੀ ਨਾਲ ਸਾਕਾਰ ਹੋ ਰਹੇ ਹਨ ਕਈ ਵੱਡੇ ਪ੍ਰੋਜੈਕਟ, ਸੈਨਿਕਾਂ ਦੇ ਸਨਮਾਨ ਵਿੱਚ ਬਣੇਗਾ ਸ਼ਾਨਦਾਰ ਕੰਪਲੈਕਸ: ਮੁਕੇਸ਼ ਅਗਨੀਹੋਤਰੀ



ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਹਰੋਲੀ ਵਿਧਾਨ ਸਭਾ ਹਲਕੇ ਦੇ ਰੋੜਾ ਵਿੱਚ ਕਰੀਬ 3.50 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਵੀਰ ਸੈਨਿਕ ਕਮਿਊਨਿਟੀ ਭਵਨ ਦਾ ਨੀਂਹ ਪੱਥਰ ਰੱਖਿਆ। ਇਸ ਭਵਨ ਵਿੱਚ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਨੂੰ ਮੀਟਿੰਗਾਂ, ਸਮਾਗਮਾਂ ਅਤੇ ਹੋਰ ਸਮਾਜਿਕ ਗਤੀਵਿਧੀਆਂ ਕਰਵਾਉਣ ਲਈ ਸਥਾਈ ਥਾਂ ਉਪਲਬਧ ਹੋਵੇਗੀ।

ਇਸ ਮੌਕੇ ਉਪ ਮੁੱਖ ਮੰਤਰੀ ਨੇ ਕਿਹਾ ਕਿ ਵੀਰ ਸੈਨਿਕ ਕਮਿਊਨਿਟੀ ਭਵਨ ਦਾ ਨਿਰਮਾਣ ਸੈਨਿਕਾਂ ਦੇ ਸਨਮਾਨ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਸਮਰਪਿਤ ਹੋਵੇਗਾ। ਭਵਨ ਦਾ ਨਿਰਮਾਣ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਦੀ ਰਾਏ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਵਨ ਦੇ ਨਾਲ ਇੱਕ ਸ਼ਾਨਦਾਰ ਕੰਪਲੈਕਸ ਵੀ ਵਿਕਸਤ ਕੀਤਾ ਜਾਵੇਗਾ, ਜਿਸ ਵਿੱਚ ਪਾਰਕਿੰਗ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਉਪਲਬਧ ਹੋਣਗੀਆਂ। ਸੈਨਿਕਾਂ ਦੀ ਸਲਾਹ ਅਨੁਸਾਰ ਇੱਥੇ ਫੌਜ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਬਹਾਦਰ ਸੈਨਿਕਾਂ ਦੇ ਨਾਮ ਦਰਜ ਕਰਨ, ਯਾਦਗਾਰੀ ਤਖ਼ਤੀਆਂ ਲਗਾਉਣ ਅਤੇ ਸੈਨਿਕ ਦਿਵਸ ਵਰਗੇ ਸਮਾਗਮਾਂ ਲਈ ਵਿਸ਼ੇਸ਼ ਪ੍ਰਬੰਧ ਕਰਨ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਰੋੜਾ ਤੋਂ ਰਾਮਪੁਰ ਪੁਲ ਰਾਹੀਂ ਰੈਸਟ ਹਾਊਸ ਤੱਕ ਦੇ ਖੇਤਰ ਨੂੰ ਵਿਕਾਸ ਮਾਰਗ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸ ਖੇਤਰ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟਾਂ ਉੱਤੇ ਕੰਮ ਚੱਲ ਰਿਹਾ ਹੈ। ਕਰੀਬ 22 ਕਰੋੜ ਰੁਪਏ ਦੀ ਲਾਗਤ ਨਾਲ ਹੈਲੀਪੋਰਟ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇੱਥੇ 10 ਕਰੋੜ ਰੁਪਏ ਦੀ ਲਾਗਤ ਨਾਲ ਸਿੰਥੈਟਿਕ ਟਰੈਕ ਬਣਾਇਆ ਜਾ ਰਿਹਾ ਹੈ। ਇਸ ਦਾ ਉਦੇਸ਼ ਫੌਜ ਅਤੇ ਪੁਲਿਸ ਵਿੱਚ ਭਰਤੀ ਦੀ ਤਿਆਰੀ ਕਰ ਰਹੇ ਨੌਜਵਾਨਾਂ ਨੂੰ ਸੁਰੱਖਿਅਤ ਅਭਿਆਸ ਸਥਾਨ ਮੁਹੱਈਆ ਕਰਵਾਉਣਾ ਹੈ। ਸੜਕ ਉੱਤੇ ਦੌੜਨ ਦੀ ਬਜਾਏ ਨੌਜਵਾਨ ਇਸ ਟਰੈਕ ਉੱਤੇ ਆਪਣੀ ਤਿਆਰੀ ਕਰ ਸਕਣਗੇ। ਉਨ੍ਹਾਂ ਉਮੀਦ ਜਤਾਈ ਕਿ ਇਹ ਟਰੈਕ ਮਾਰਚ-ਅਪ੍ਰੈਲ ਤੱਕ ਤਿਆਰ ਹੋ ਜਾਵੇਗਾ। ਇਸ ਤੋਂ ਇਲਾਵਾ 13.50 ਕਰੋੜ ਰੁਪਏ ਦੀ ਲਾਗਤ ਨਾਲ ਮੇਲਾ ਮੈਦਾਨ ਵੀ ਬਣਾਇਆ ਜਾ ਰਿਹਾ ਹੈ।

ਮੁਕੇਸ਼ ਅਗਨੀਹੋਤਰੀ ਨੇ ਸੈਨਿਕਾਂ ਅਤੇ ਸਾਬਕਾ ਸੈਨਿਕਾਂ ਨੂੰ ਅਪੀਲ ਕੀਤੀ ਕਿ ਉਹ ਕਮਿਊਨਿਟੀ ਭਵਨ ਦੇ ਨਿਰਮਾਣ ਅਤੇ ਕੰਪਲੈਕਸ ਦੇ ਵਿਕਾਸ ਲਈ ਆਪਣੇ ਸੁਝਾਅ ਦੇਣ। ਉਨ੍ਹਾਂ ਕਿਹਾ ਕਿ ਸੈਨਿਕਾਂ ਦੇ ਸਨਮਾਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੀਆਂ ਲੋੜਾਂ ਅਤੇ ਸੁਝਾਵਾਂ ਅਨੁਸਾਰ ਇਸ ਕੰਪਲੈਕਸ ਨੂੰ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਸੈਨਿਕਾਂ ਨੂੰ ਕਿਹਾ ਕਿ ਉਹ ਆਪਣੀਆਂ ਛੋਟੀਆਂ-ਵੱਡੀਆਂ ਲੋੜਾਂ ਲਈ ਵੀ ਉਨ੍ਹਾਂ ਨਾਲ ਸਿੱਧਾ ਸੰਪਰਕ ਕਰਨ।

ਇਸ ਮੌਕੇ ਉਪ ਮੁੱਖ ਮੰਤਰੀ ਨੇ ਪ੍ਰੋਫੈਸਰ ਸਿਮੀ ਅਗਨੀਹੋਤਰੀ ਵੱਲੋਂ ਵੀਰ ਸੈਨਿਕ ਕਮਿਊਨਿਟੀ ਭਵਨ ਲਈ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ।

ਵੈਟਨਰੀ ਯੂਨੀਵਰਸਿਟੀ 'ਕੌਮੀ ਦੁੱਧ ਦਿਵਸ' ਮੌਕੇ ਦੁੱਧ ਵਿੱਚ ਮਿਲਾਵਟ ਦੀ ਜਾਂਚ ਲਈ ਲਗਾਏਗੀ ਮੁਫ਼ਤ ਕੈਂਪ

ਲੁਧਿਆਣਾ, 16 ਨਵੰਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦਾ 'ਕਾਲਜ ਆਫ਼ ਡੇਅਰੀ ਐਂਡ ਫੂਡ ਸਾਇੰਸ ਟੈਕਨਾਲੋਜੀ', 'ਕੌਮੀ ਦੁੱਧ ਦਿਵਸ' ਮਨਾਉਣ ਦੇ ਉਦੇਸ਼ ਨਾਲ 19 ਨਵੰਬਰ ਤੋਂ 26 ਨਵੰਬਰ 2026 ਤੱਕ ਦੁੱਧ ਵਿੱਚ ਮਿਲਾਵਟ ਦੀ ਮੁਫ਼ਤ ਜਾਂਚ ਲਈ ਇੱਕ ਕੈਂਪ ਆਯੋਜਿਤ ਕਰ ਰਿਹਾ ਹੈ।

ਇਸ ਉਪਰਾਲੇ ਦਾ ਮੁੱਖ ਮੰਤਵ ਖ਼ਪਤਕਾਰਾਂ ਨੂੰ ਦੁੱਧ ਦੀ ਗੁਣਵੱਤਾ ਅਤੇ ਇਸ ਵਿੱਚ ਮੌਜੂਦ ਪੌਸ਼ਟਿਕ ਤੱਤਾਂ ਬਾਰੇ ਜਾਗਰੂਕ ਕਰਨਾ ਹੈ। ਇੱਕ ਹਫ਼ਤੇ ਤੱਕ ਚੱਲਣ ਵਾਲੇ ਇਸ ਕੈਂਪ ਦੌਰਾਨ, ਖਪਤਕਾਰਾਂ ਦੇ ਦੁੱਧ ਦੇ ਨਮੂਨਿਆਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ। ਇਸ ਵਿੱਚ ਦੁੱਧ ਦੇ ਮੁੱਖ ਅੰਸ਼ਾਂ ਜਿਵੇਂ ਕਿ ਚਿਕਨਾਈ ਅਤੇ ਚਿਕਨਾਈ ਤੋਂ ਇਲਾਵਾ ਤੱਤਾਂ ਦੀ ਜਾਂਚ ਦੇ ਨਾਲ-ਨਾਲ, ਆਮ ਤੌਰ 'ਤੇ ਕੀਤੀ ਜਾਣ ਵਾਲੀ ਮਿਲਾਵਟ—ਜਿਵੇਂ ਕਿ ਯੂਰੀਆ, ਖੰਡ, ਮਾਲਟੋਡੈਕਸਟ੍ਰਿਨ, ਵਾਧੂ ਪਾਣੀ ਅਤੇ ਅਮੋਨੀਅਮ ਮਿਸ਼ਰਣਾਂ—ਦਾ ਪਤਾ ਲਗਾਇਆ ਜਾਵੇਗਾ।

ਜਾਂਚ ਉਸੇ ਦਿਨ ਕੀਤੀ ਜਾਵੇਗੀ ਅਤੇ ਰਿਪੋਰਟਾਂ ਸਬੰਧਤ ਖ਼ਪਤਕਾਰਾਂ ਨੂੰ ਦਿੱਤੀਆਂ ਜਾਣਗੀਆਂ, ਤਾਂ ਜੋ ਉਹ ਆਪਣੇ ਦੁੱਧ ਦੀ ਗੁਣਵੱਤਾ ਅਤੇ ਸ਼ੁੱਧਤਾ ਨੂੰ ਸਮਝ ਸਕਣ। ਇਸ ਜਨਤਕ ਜਾਗਰੂਕਤਾ ਮੁਹਿੰਮ ਰਾਹੀਂ, ਯੂਨੀਵਰਸਿਟੀ ਦਾ ਉਦੇਸ਼ ਖ਼ਪਤਕਾਰਾਂ ਨੂੰ ਉਨ੍ਹਾਂ ਦੁਆਰਾ ਵਰਤੇ ਜਾਣ ਵਾਲੇ ਦੁੱਧ ਬਾਰੇ ਵਿਗਿਆਨਕ ਜਾਣਕਾਰੀ ਪ੍ਰਦਾਨ ਕਰਕੇ ਸਮਰੱਥ ਬਣਾਉਣਾ ਅਤੇ ਉਨ੍ਹਾਂ ਨੂੰ ਦੁੱਧ ਦੀ ਗੁਣਵੱਤਾ ਤੇ ਸੁਰੱਖਿਆ ਬਾਰੇ ਸੂਝਵਾਨ ਫੈਸਲੇ ਲੈਣ ਲਈ ਜਾਗਰੂਕ ਕਰਨਾ ਹੈ।

ਸਾਰੇ ਖ਼ਪਤਕਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਕੈਂਪ ਵਿੱਚ ਹਿੱਸਾ ਲੈਣ ਅਤੇ ਆਪਣੇ ਕੱਚੇ (ਉਬਾਲੇ ਨਾ ਗਏ) ਦੁੱਧ ਦੇ ਨਮੂਨੇ (ਲਗਭਗ 100 ਮਿਲੀਲੀਟਰ) ਇੱਕ ਸਾਫ਼ ਬੋਤਲ ਵਿੱਚ ਪਾ ਕੇ ਕਾਲਜ ਦੇ 'ਡੇਅਰੀ ਕੈਮਿਸਟਰੀ ਵਿਭਾਗ' ਵਿੱਚ ਮੁਫ਼ਤ ਜਾਂਚ ਲਈ ਲਿਆਉਣ। ਇਹ ਉਪਰਾਲਾ ਖ਼ਪਤਕਾਰ ਜਾਗਰੂਕਤਾ, ਭੋਜਨ ਸੁਰੱਖਿਆ ਅਤੇ ਜਨਤਕ ਸਿਹਤ ਪ੍ਰਤੀ ਯੂਨੀਵਰਸਿਟੀ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਹਿਮਾਚਲ ਪ੍ਰਦੇਸ਼ ਵਰਧਮਾਨ ਇਸਪਾਤ ਊਨਾ ਵਿਖੇ ਆਫਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਟ੍ਰੇਨਿੰਗ ਕਰਵਾਈ

ਪਟਿਆਲਾ, 16 ਨਵੰਬਰ (ਪੈ.ਗਾਮ-ਏ-ਜਗਤ)



ਹਿਮਾਚਲ ਪ੍ਰਦੇਸ਼ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਵਿਦਿਆਰਥੀਆਂ ਅਧਿਆਪਕਾਂ ਫੈਕਟਰੀ ਕਰਮਚਾਰੀਆਂ ਦੀ ਐਮਰਜੈਂਸੀ ਦੌਰਾਨ ਸੁਰੱਖਿਆ ਫਸਟ ਏਡ ਸੀਪੀਆਰ ਫਾਇਰ ਸੇਫਟੀ ਲਈ ਵਰਧਮਾਨ ਇਸਪਾਤ ਇੰਡਸਟਰੀ ਊਨਾ ਵਲੋਂ ਕਰਮਚਾਰੀਆਂ ਨੂੰ ਆਫ਼ਤ ਪ੍ਰਬੰਧਨ ਦੀਆਂ ਟ੍ਰੇਨਿੰਗਾਂ ਕਰਵਾਉਣ ਲਈ ਪੰਜਾਬ ਦੇ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਨੂੰ ਬੁਲਾਇਆ। ਕਾਕਾ ਰਾਮ ਵਰਮਾ ਨੇ ਇਨ੍ਹਾਂ ਵਿਸ਼ਿਆਂ ਬਾਰੇ ਤਰ੍ਹਾਂ ਤਰ੍ਹਾਂ ਦੇ ਪ੍ਰੈਕਟਿਕਲ ਕਰਵਾਕੇ ਕਰਮਚਾਰੀਆਂ ਰਾਹੀਂ ਪ੍ਰਦਰਸ਼ਨ ਕਰਵਾਏ। ਉਨ੍ਹਾਂ ਨੇ ਦੱਸਿਆ ਕਿ ਅਚਾਨਕ ਵਾਪਰਨ ਵਾਲੀਆਂ ਘਟਨਾਵਾਂ, ਆਪਦਾਵਾਂ, ਜੰਗਾਂ ਘਰੇਲੂ ਘਟਨਾਵਾਂ ਕਾਰਨ 88% ਪੀੜਤਾਂ ਦੀਆਂ ਮੌਤਾਂ ਹੋ ਰਹੀਆਂ ਹਨ ਕਿਉਂਕਿ ਉਨ੍ਹਾਂ ਨੂੰ ਗੈਸਾਂ ਬਿਜਲੀ ਪੈਟਰੋਲੀਅਮ, ਰਸਾਇਣਕ, ਕੈਮੀਕਲ ਪਦਾਰਥਾਂ ਦੀ ਠੀਕ ਵਰਤੋਂ ਅਤੇ ਸੰਕਟ ਸਮੇਂ ਆਪਣੇ ਬਚਾਉ ਦੀਆਂ ਟ੍ਰੇਨਿੰਗਾਂ ਅਭਿਆਸ ਨਹੀਂ ਹੁੰਦੇ। ਚੀਫ਼ ਫੈਕਟਰੀ ਮੈਨੇਜਰ ਜਗਜੀਤ ਸਿੰਘ ਅਤੇ ਮੁੱਖ ਸੇਫਟੀ ਸੁਪਰਵਾਈਜ਼ਰ ਵਿਸ਼ਨੂੰ ਸ਼ਰਮਾ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਟ੍ਰੇਨਿੰਗਾਂ ਦੁਨੀਆਂ ਵਿੱਚ ਜ਼ੰਗੀ ਪੱਧਰ ਤੇ ਹਾਦਸੇ ਘਟਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਮਦਦਗਾਰ ਸਿੱਧ ਹੋ ਰਹੀਆਂ ਹਨ ਉਥੇ ਆਪਦਾਵਾਂ ਜੰਗਾਂ ਸਮੇਂ ਸਰਕਾਰਾਂ ਅਤੇ ਪ੍ਰਸ਼ਾਸਨ ਦੀ ਅਗਵਾਹੀ ਹੇਠ ਸਿਵਲ ਡਿਫੈਂਸ ਗਤੀਵਿਧੀਆਂ ਕੀਤੀਆਂ ਜਾ ਸਕਦੀਆਂ ਹਨ।

ਤਿੰਨ ਰੋਜ਼ਾ ਮਹਾਨ ਕੀਰਤਨ ਦਰਬਾਰ ਦੀ ਖਾਲਸਾਈ ਸ਼ਾਨੋ-ਸ਼ੌਕਤ ਨਾਲ ਹੋਈ ਆਰੰਭਤਾ

ਪੈ.ਗਾਮ-ਏ-ਜਗਤ/ਨਵਾਂਸ਼ਹਿਰ
15 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ 557 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ ਵੱਲੋਂ ਕਰਵਾਏ ਜਾ ਰਹੇ ਤਿੰਨ ਰੋਜ਼ਾ ਮਹਾਨ ਕੀਰਤਨ ਦਰਬਾਰ ਦੀ ਆਰੰਭਤਾ ਅੱਜ ਬਹੁਤ ਹੀ ਸ਼ਰਧਾ, ਉਤਸ਼ਾਹ ਅਤੇ ਖਾਲਸਾਈ ਸ਼ਾਨੋ-ਸ਼ੌਕਤ ਨਾਲ ਹੋਈ।

- ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਹੋਈਆਂ ਨਤਮਸਤਕ

ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੁੰਦਰ ਢੰਗ ਨਾਲ ਸਜਾਈ ਗਈ ਪਾਲਕੀ ਸਾਹਿਬ ਵਿੱਚ ਗੁਰਦੁਆਰਾ ਗੁਰੂ ਅੰਗਦ ਨਗਰ ਤੋਂ ਵਿਸ਼ਾਲ ਨਗਰ ਕੀਰਤਨ ਦੇ ਰੂਪ ਵਿੱਚ ਕੀਰਤਨ ਦਰਬਾਰ ਲਈ ਸਜਾਏ ਗਏ ਵਿਸ਼ਾਲ ਪੰਡਾਲ ਵਿਖੇ ਲਿਆਂਦੇ ਗਏ। ਨਗਰ ਕੀਰਤਨ ਵਿੱਚ ਗੱਤਕਾ ਪਾਰਟੀ ਵੱਲੋਂ ਸਿੱਖ ਮਾਰਸ਼ਲ ਆਰਟ ਦੇ ਜੌਹਰ ਦਿਖਾਏ ਗਏ, ਜਿਨ੍ਹਾਂ ਨੇ ਸੰਗਤਾਂ ਵਿੱਚ ਵਿਸ਼ੇਸ਼ ਉਤਸ਼ਾਹ ਭਰਿਆ। ਪੰਡਾਲ ਵਿੱਚ ਪ੍ਰਕਾਸ਼ ਉਪਰੰਤ ਸੋਦਰੁ ਰਹਿਰਾਸ ਸਾਹਿਬ ਦੇ ਪਾਠ ਨਾਲ ਸਮਾਗਮ ਦੀ ਰਸਮੀ ਆਰੰਭਤਾ ਹੋਈ।

ਇਸ ਉਪਰੰਤ ਗੁਰਬਾਣੀ ਕੀਰਤਨ ਦੀ ਆਰੰਭਤਾ ਭਾਈ ਸੁਖਵਿੰਦਰ ਸਿੰਘ ਜਵੱਦੀ ਵਲੋਂ ਇਲਾ